EDUCATING LITERATES
LALLY
Infosys
Since 1997
Group of Institutions
ISO 9001-2015 Certified
Serving Society with Quality Education
STUDY ABROAD
LALLY BUILDING, BMC CHOWK
JALANDHAR 98889-00011

ਸੱਚ ਤੇ ਨਿਡਰ ਆਵਾਜ਼ ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ ਅਮਨਦੀਪ ਮਹਿਰਾ
ਬੁੱਧਵਾਰ 08 ਮਈ 2024

ਇਸ ਵਾਰ ਗਰਮੀ ਦੀਆਂ ਛੁੱਟੀਆਂ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
2700 ਵੀਜ਼ਾ
1 ਜਨਵਰੀ 2024 ਤੋਂ 2 ਮਈ 2024 ਤੱਕ ਲੱਗੇ
easyvisa
8194 828282

R.N.I.Punpun/29016/2008 * ਸਾਲ 15 * ਅੰਕ : 343 * ਮੁੱਲ ; 5.00 ਰੁਪਏ * ਕੁੱਲ ਪੇਜ 10 * ਦਫਤਰ : 0181-2211009 * : M 99155-94111

ਇਸ ਵਾਰ ਗਰਮੀ ਦੀਆਂ ਛੁੱਟੀਆਂ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
2700 ਵੀਜ਼ਾ
1 ਜਨਵਰੀ 2024 ਤੋਂ 2 ਮਈ 2024 ਤੱਕ ਲੱਗੇ
easyvisa | 8194 828282

## ਪਾਕਿਸਤਾਨ ਤੋਂ ਆਈ ਦਿਮਾਗੀ ਤੌਰ ਤੇ ਪ੍ਰੇਸ਼ਾਨ ਮਹਿਲਾ ਨੂੰ ਵਾਪਸ ਆਪਣੇ ਦੇਸ਼ ਭੇਜਿਆ ਗਿਆ



**ਅਮ੍ਰਿਤਸਰ, ਲੋਕ ਬਾਣੀ-** - ਭਾਰਤ ਪਾਕਿਸਤਾਨ ਦੇਸ਼ਾਂ ਦੀ ਸਾਂਝੀ ਅਟਾਰੀ ਵਾਹਗਾ ਸਰਹੱਦ ਤੇ ਪਿਛਲੇ ਦਿਨੀਂ ਭੁਲੇਖੇ ਨਾਲ ਪੁੱਜੀ ਦਿਮਾਗੀ ਪ੍ਰੇਸ਼ਾਨ ਬਿਹਾਰ ਦੀ ਮਹਿਲਾ ਨੂੰ ਅੱਜ 20 ਦਿਨ ਬਾਅਦ ਬੀ.ਐਸ.ਐਫ.ਨੇ ਉਸ ਦੇ ਘਰ ਦੀ ਖੋਜ ਕਰਕੇ ਵਾਰਸਾਂ ਦੇ ਹਵਾਲੇ ਕੀਤਾ ਹੈ । ਜਾਣਕਾਰੀ ਦਿੰਦਿਆਂ ਬੀ.ਐਸ.ਐਫ.ਦੇ ਅਧਿਕਾਰੀ ਧਰਮੇਸ਼ ਕੁਮਾਰ ਨੇ ਦੱਸਿਆ ਕਿ ਭਾਰਤ ਪਾਕਿਸਤਾਨ ਸਰਹੱਦ 'ਤੇ ਲੱਗੇ ਰੇਲਵੇ ਟਰੈਕ ਦੇ ਅੰਤਰਰਾਸ਼ਟਰੀ ਗੇਟਾਂ 'ਤੇ ਪਿਛਲੇ 20 ਦਿਨ ਪਹਿਲਾਂ ਸ਼ਾਮ ਨੂੰ ਪੁੱਜੀ ਇਕ ਮਹਿਲਾ ਜੋ ਆਪਣਾ ਪਤਾ ਸਹੀ ਨਹੀਂ ਸੀ ਦੱਸ ਰਹੀ ਜਿਸ ਦੀ ਡਾਕਟਰੀ ਜਾਂਚ ਕਰਵਾਈ ਗਈ ਤਾਂ ਉਹ ਦਿਮਾਗੀ ਪ੍ਰੇਸ਼ਾਨ ਪਾਈ ਗਈ ਸੀ । ਬੀ.ਐਸ.ਐਫ.ਨੇ ਮਹਿਲਾ ਵਲੋਂ ਦੱਸੇ ਪਿੰਡ ਦੀ ਭਾਲ ਕਰਦਿਆਂ ਅੱਜ ਉਹ ਮਹਿਲਾਂ ਨੂੰ ਪਿੰਡ ਮੁਜ਼ੱਫਰਪੁਰ ਬਿਹਾਰ ਤੋਂ ਉਸ ਦੀ ਮਾਂ ਨਾਲ ਆਏ ਪਿੰਡ ਦੇ ਸਰਪੰਚ ਨੂੰ ਇਹ ਮਹਿਲਾ ਸੌਂਪੀ ਗਈ ਹੈ ।

## ਇਕ ਹੋਰ ਕਿਸਾਨ ਦੀ ਹੋਈ ਸ਼ੰਭੂ ਬਾਰਡਰ ਤੇ ਮੌਤ



**ਲੁਧਿਆਣਾ, ਸੁਖਚੈਨ ਮਹਿਰਾ-** ਸ਼ੰਭੂ ਬਾਰਡਰ 'ਤੇ ਅੱਜ ਇੱਕ ਹੋਰ ਕਿਸਾਨ ਦੀ ਮੌਤ ਹੋ ਗਈ, ਜਿਸ ਦੀ ਪਛਾਣ 70 ਸਾਲਾ ਜਸਵੰਤ ਸਿੰਘ ਪੁੱਤਰ ਗੁਰਦਿੱਤ ਸਿੰਘ ਪਿੰਡ ਸ਼ਾਹਬਾਜ਼ਪੁਰ ਜ਼ਿਲ੍ਹਾ ਤਰਨ ਤਾਰਨ ਵਜੋਂ ਹੋਈ

## ਹਰਿਆਣਾ 'ਚ ਤਿੰਨ ਵਿਧਾਇਕਾਂ ਨੇ ਬੀਜੇਪੀ ਸਰਕਾਰ ਤੋਂ ਸਮਰਥਨ ਵਾਪਸ ਲਿਆ



ਰੋਹਤਕ, - ਹਰਿਆਣਾ ਤੋਂ ਆਜ਼ਾਦ ਵਿਧਾਇਕ ਰਣਧੀਰ ਗੋਲਨ ਨੇ ਹਰਿਆਣਾ ਸਰਕਾਰ ਤੋਂ ਸਮਰਥਨ ਵਾਪਸ ਲੈ ਲਿਆ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਪਿਛਲੇ 4.5 ਸਾਲਾਂ ਤੋਂ ਅਸੀਂ ਭਾਜਪਾ ਨੂੰ ਸਮਰਥਨ ਦਿੱਤਾ ਹੈ ਪਰ ਅੱਜ ਬੇਰੁਜ਼ਗਾਰੀ ਅਤੇ ਮਹਿੰਗਾਈ ਸਭ ਤੋਂ ਵੱਧ ਹੈ ਤੇ ਇਸ ਨੂੰ ਦੇਖਦੇ ਹੋਏ ਅਸੀਂ ਆਪਣਾ ਸਮਰਥਨ ਸਰਕਾਰ ਤੋਂ ਵਾਪਸ ਲੈ ਲਿਆ ਹੈ।

## ਹੁਣ ਠੇਕਾ ਮੁਲਾਜ਼ਮਾਂ ਕੀਤਾ ਭਗਵੰਤ ਮਾਨ ਦਾ ਵਿਰੋਧ

ਬਠਿੰਡਾ, ਲੋਕ ਬਾਣੀ --ਪੰਜਾਬ ਭਰ ਵਿੱਚ ਆਪ ਸਰਕਾਰ ਦਾ ਵਿਰੋਧ ਵੱਡੇ ਪੱਧਰ ਤੇ ਹੋ ਰਿਹਾ ਹੈ ਤੇ ਹੁਣ ਠੇਕਾ ਮੁਲਾਜ਼ਮਾਂ ਵਲੋਂ ਅੱਜ ਦੇਰ ਸ਼ਾਮ ਬਠਿੰਡਾ ਵਿਚ ਰੋਡ ਸ਼ੋ ਕਰਨ ਪੁੱਜੇ ਮੁੱਖ ਮੰਤਰੀ ਭਗਵੰਤ ਮਾਨ ਦਾ ਕਾਲੀਆਂ ਝੰਡੀਆਂ ਦਿਖਾ ਕੇ ਵਿਰੋਧ ਕੀਤਾ ਗਿਆ ਅਤੇ ਪੰਜਾਬ ਸਰਕਾਰ ਤੇ ਮੁੱਖ ਮੰਤਰੀ ਖ਼ਿਲਾਫ਼ ਜ਼ਬਰਦਸਤ ਨਾਅਰੇਬਾਜ਼ੀ ਕੀਤੀ ਗਈ। ਹਾਲਾਂਕਿ ਵਿਰੋਧ ਕਰਨ ਦਾ ਪਤਾ ਚਲਦਿਆਂ ਮੌਕੇ 'ਤੇ ਪੁਲਿਸ ਵਲੋਂ ਵਿਰੋਧ ਜਤਾਉਂਦੇ ਠੇਕਾ ਮੁਲਾਜ਼ਮਾਂ ਨੂੰ ਹਿਰਾਸਤ ਵਿਚ ਲੈ ਕੇ ਥਾਣੇ ਲਿਜਾਇਆ ਗਿਆ ਜਿਸ ਦੀ ਚਰਚਾ ਪੂਰੇ ਇਲਾਕੇ ਵਿੱਚ ਹੈ।

## ਪੰਜਾਬ ਤੇ ਹਿਮਾਚਲ ਵਿੱਚ ਲੋਕ ਸਭਾ ਚੋਣਾਂ ਲਈ ਨਾਮਜ਼ਦਗੀ ਪ੍ਰਕਿਰਿਆ ਹੋਈ ਸ਼ੁਰੂ



ਜਲੰਧਰ, ਹਰਬੰਸ ਬਿੱਟੂ- ਪੰਜਾਬ ਦੀਆਂ 13 ਲੋਕ ਸਭਾ ਸੀਟਾਂ ਅਤੇ ਹਿਮਾਚਲ ਪ੍ਰਦੇਸ਼ ਦੇ ਚਾਰ ਸੰਸਦੀ ਹਲਕਿਆਂ ਦੇ ਨਾਲ-ਨਾਲ ਛੇ ਵਿਧਾਨ ਸਭਾ ਹਲਕਿਆਂ ਲਈ ਜਿੱਥੇ ਜ਼ਿਮਨੀ ਚੋਣਾਂ ਹੋਣੀਆਂ ਹਨ, ਨਾਮਜ਼ਦਗੀ ਪ੍ਰਕਿਰਿਆ ਸ਼ੁਰੂ ਹੋ ਗਈ ਹੈ। ਨਾਮਜ਼ਦਗੀ ਪ੍ਰਕਿਰਿਆ 11 ਅਤੇ 12 ਮਈ ਨੂੰ ਛੱਡ ਕੇ 14 ਮਈ ਤੱਕ ਜਾਰੀ ਰਹੇਗੀ ਜੋ ਕਿ ਜਨਤਕ ਛੁੱਟੀਆਂ ਹਨ। ਇੱਕ ਅਧਿਕਾਰਤ ਰਿਲੀਜ਼ ਅਨੁਸਾਰ ਕਾਗਜ਼ਾਂ ਦੀ ਪੜਤਾਲ 15 ਮਈ ਨੂੰ ਹੋਵੇਗੀ ਅਤੇ ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਮਿਤੀ 17 ਮਈ ਹੈ। ਪੰਜਾਬ ਦੇ ਮੁੱਖ ਚੋਣ ਅਧਿਕਾਰੀ (ਸੀਈਓ) ਸਿਬਿਨ ਸੀ ਨੇ ਕਿਹਾ ਕਿ ਪੰਜਾਬ ਵਿੱਚ ਨਵੇਂ ਵੋਟਰਾਂ ਨੂੰ ਰਜਿਸਟਰ ਕਰਨ ਲਈ 4 ਮਈ ਆਖਰੀ ਮਿਤੀ ਸੀ।

## ਭਾਰਤੀ ਜਲ ਸੈਨਾ ਦੇ ਤਿੰਨ ਜਹਾਜ਼ ਦੱਖਣੀ ਚੀਨ ਸਾਗਰ 'ਚ ਤੈਨਾਤੀ ਲਈ ਪਹੁੰਚੇ



ਸਿੰਗਾਪੁਰ - ਭਾਰਤੀ ਜਲ ਸੈਨਾ ਦੇ ਤਿੰਨ ਜਹਾਜ਼ ਦੱਖਣੀ ਚੀਨ ਸਾਗਰ 'ਚ ਜਲ ਸੈਨਾ ਦੀ ਈਸਟਰਨ ਫਲੀਟ ਦੀ ਅਪਰੇਸ਼ਨਲ ਤਾਇਨਾਤੀ ਦੇ ਹਿੱਸੇ ਵਜੋਂ ਸਿੰਗਾਪੁਰ ਪਹੁੰਚ ਗਏ ਹਨ। ਭਾਰਤੀ ਜਲ ਸੈਨਾ ਦੇ ਇੱਕ ਤਰਜਮਾਨ ਨੇ ਕਿਹਾ ਕਿ ਰੀਅਰ ਐਡਮਿਰਲ ਰਾਜੇਸ਼ ਧਨਖਾ ਦੀ ਅਗਵਾਈ ਹੇਠ ਭਾਰਤੀ ਜਲ ਸੈਨਾ ਦੇ ਜਹਾਜ਼ ਦਿੱਲੀ, ਸ਼ਕਤੀ ਅਤੇ ਕਿਲਤਾਨ ਸੋਮਵਾਰ ਨੂੰ ਇੱਥੇ ਪਹੁੰਚੇ।

DIPS INSTITUTIONS CHAIN OF DIPS INSTITUTIONS KNOWLEDGE IS POWER
DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS
JALANDHAR CITY
www.dipsimt@gmail.com ( dipsimt@gmail.com )
CONTACT : 95010-00697, 97806-00998

ਪੰਜਾਬ ਦੇ ਹਰ ਜਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

## ਚੋਣ ਡਿਊਟੀ 'ਚ ਅਣਗਹਿਲੀ ਕਾਰਨ ਸੈਕਟਰ ਅਫ਼ਸਰਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ

ਨਵਾਂ ਸ਼ਹਿਰ- ਪੰਜਾਬ ਵਿੱਚ ਹੋਣ ਜਾ ਰਹੀਆਂ ਆਗਾਮੀ ਲੋਕ ਸਭਾ ਚੋਣਾਂ ਨੂੰ ਮੁੱਖ ਰੱਖਦੇ ਹੋਏ ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਚੋਣ ਕਾਰ ਅਫ਼ਸਰ ਨਵਜੋਤ ਪਾਲ ਸਿੰਘ ਰੰਧਾਵਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸ਼ਹੀਦ ਭਗਤ ਸਿੰਘ ਨਗਰ ਦੇ ਤਿੰਨ ਵਿਧਾਨ ਸਭਾ ਹਲਕਿਆਂ ਵਿੱਚ ਚੋਣ ਅਮਲ ਵਿੱਚ ਤੈਨਾਤ ਪੋਲਿੰਗ ਸਟਾਫ਼ ਦੀਆਂ ਟ੍ਰੇਨਿੰਗਾਂ ਕਰਵਾਈਆਂ ਜਾਂ ਰਹੀਆਂ ਹਨ। ਇਸੇ ਤਹਿਤ ਗੁਰੂ ਨਾਨਕ ਕਾਲਜ ਬੰਗਾ ਵਿਖੇ ਪੋਲਿੰਗ ਸਟਾਫ਼ ਦੀ ਰਿਹਰਸਲ ਹੋਈ।

ਟਰੇਨਿੰਗ ਦੌਰਾਨ ਵੱਖ ਵੱਖ ਸੈਕਟਰ ਅਫ਼ਸਰਾਂ ਵੱਲੋਂ ਚੋਣ ਅਮਲੇ ਨੂੰ ਸਮੁੱਚੀ ਚੋਣ ਪ੍ਰਕਿਰਿਆ ਦੀ ਟਰੇਨਿੰਗ ਦਿੱਤੀ ਗਈ।ਬੰਗਾ ਹਲਕੇ ਵਿੱਚ ਤੈਨਾਤ 15 ਸੈਕਟਰ ਅਫ਼ਸਰਾਂ ਵਿੱਚੋਂ 13 ਸੈਕਟਰ ਅਫ਼ਸਰਾਂ ਵੱਲੋਂ ਆਪਣੀ ਡਿਊਟੀ ਨੂੰ ਬਾਖ਼ੂਬੀ ਨਿਭਾਇਆ ਗਿਆ।

ਪਰ ਦੋ ਸੈਕਟਰ ਅਫ਼ਸਰ, ਜਿੰਨਾ ਵਿੱਚ ਆਤਮਾ ਰਾਮ ਸੈਕਟਰ ਅਫ਼ਸਰ ਨੰਬਰ-9 ਅਤੇ ਹਰਬੰਸ ਸਿੰਘ ਸੈਕਟਰ ਅਫ਼ਸਰ ਨੰਬਰ 11, ਇਸ ਟਰੇਨਿੰਗ ਵਿੱਚੋਂ ਗੈਰ ਹਾਜ਼ਰ ਰਹੇ। ਇਸ ਗੈਰ ਹਾਜ਼ਰੀ ਦਾ ਸਹਾਇਕ ਰਿਟਰਨਿੰਗ ਅਫ਼ਸਰ ਬੰਗਾ ਵੱਲੋਂ ਸਖ਼ਤ ਨੋਟਿਸ ਲਿਆ ਗਿਆ ਅਤੇ ਦੋਨੋਂ ਅਧਿਕਾਰੀਆਂ ਨੂੰ ਆਰਪੀ ਐਕਟ 1950 ਅਤੇ 1951 ਤਹਿਤ ਕਾਰਨ ਦੱਸੋ ਨੋਟਿਸ ਜਾਰੀ ਕਰ ਦਿੱਤਾ ਗਿਆ ਹੈ।

## ਭਗਵੰਤ ਮਾਨ ਦੇ ਰੋਡ ਸ਼ੋ ਸਮੇਂ ਮੁਲਾਜ਼ਮ ਆਗੂਆਂ ਨੂੰ ਨਜ਼ਰ ਬੰਦ ਕਰਨ ਦੇ ਵਿਰੁੱਧ ਕੀਤਾ ਰੋਸ ਮਾਰਚ ਅਤੇ ਫੂਕਿਆ ਪੁਤਲਾ



ਜਲੰਧਰ- ਲੋਕ ਸਭਾ ਚੋਣਾਂ 2024 ਲਈ ਆਮ ਲੋਕਾਂ ਤੋਂ ਵੋਟਾਂ ਮੰਗਣ ਲਈ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵਲੋਂ ਫ਼ਗਵਾੜਾ ਵਿਖੇ ਦੋ ਮਈ ਨੂੰ ਰੋਡ ਸ਼ੋਅ ਕਰਨ ਤੋਂ ਪਹਿਲਾਂ ਫ਼ਗਵਾੜਾ ਪੁਲਿਸ ਪ੍ਰਸ਼ਾਸਨ ਵਲੋਂ ਵੱਖ ਵੱਖ ਜਥੇਬੰਦੀਆਂ ਦੇ ਜੁਝਾਰੂ ਆਗੂਆਂ ਨੂੰ ਘਰਾਂ ਅਤੇ ਸਕੂਲਾਂ ਵਿੱਚ ਜਬਰਦਸਤੀ ਨਜ਼ਰ ਬੰਦ ਕੀਤਾ ਗਿਆ। ਇੱਥੋਂ ਤੱਕ ਕਿ ਦਿਵਿਆਂਗ ਮੁਲਾਜ਼ਮਾਂ ਅਤੇ ਮਿੱਡ ਡੇ ਮੀਲ ਅਤੇ ਆਸ਼ਾ ਵਰਕਰਾਂ ਨੂੰ ਵੀ ਨਜ਼ਰ ਬੰਦ ਕੀਤਾ ਗਿਆ ਅਤੇ ਥਾਣੇ ਵਿੱਚ ਵੀ ਬੰਦ ਕੀਤਾ ਗਿਆ ਪੁਲਿਸ ਪ੍ਰਸ਼ਾਸਨ ਵਲੋਂ ਉਹਨਾਂ ਨਾਲ ਭੱਦੀ ਸ਼ਬਦਾਵਲੀ ਵਿੱਚ ਵੀ ਵਿਵਹਾਰ ਕੀਤਾ ਗਿਆ ਜੋ ਕਿ ਅਤਿ ਨਿੰਦਣਯੋਗ ਸੀ। ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਫ਼ਗਵਾੜਾ ਦੇ ਇਸ ਗ਼ੈਰ ਕਾਨੂੰਨੀ ਅਤੇ ਲੋਕਤੰਤਰ ਦਾ ਘਾਣ ਕਰਨ ਵਾਲੇ ਵਤੀਰੇ ਦੇ ਵਿਰੋਧ ਵਿੱਚ ਅੱਜ ਨਗਰ ਨਿਗਮ ਫ਼ਗਵਾੜਾ ਨਜ਼ਦੀਕ ਸਮੂਹ ਵਰਗਾਂ ਦੇ ਮੁਲਾਜ਼ਮਾਂ ਨੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਫ਼ਗਵਾੜਾ ਦੇ ਬੈਨਰ ਹੇਠ ਇਕੱਠੇ ਹੋ ਕੇ, ਜ਼ੋਰਦਾਰ ਨਾਅਰੇਬਾਜ਼ੀ ਕਰਦੇ ਹੋਏ ਰੈਲੀ ਕਰਨ ਉਪਰੰਤ ਐੱਸ ਡੀ ਐੱਮ ਦਫ਼ਤਰ ਫਗਵਾੜਾ ਤੱਕ ਰੋਸ ਮਾਰਚ ਕੀਤਾ ਅਤੇ ਮੁੱਖ ਗੇਟ ਦੇ ਅੱਗੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ। ਰੈਲੀ ਨੂੰ ਸੰਬੋਧਨ ਕਰਦੇ ਹੋਏ ਜਥੇਬੰਦੀਆਂ ਦੇ ਆਗੂਆਂ ਹੰਸ ਰਾਜ ਬੰਗੜ, ਜਸਵੀਰ ਸਿੰਘ ਸੈਣੀ, ਸੁਰਿੰਦਰ ਪਾਲ ਪੱਦੀ ਜਗੀਰ,ਦਿਵਿਆਂਗ ਆਗੂ ਗੁਰਪ੍ਰੀਤ ਸਿੰਘ, ਮੈਡਮ ਦਵਿੰਦਰ ਕੌਰ, ਨਿਰਮੋਲਕ ਸਿੰਘ ਹੀਰਾ, ਗੁਰਮੁਖ ਸਿੰਘ ਲੋਕਪ੍ਰੇਮੀ, ਪਰਮਿੰਦਰ ਪਾਲ ਸਿੰਘ, ਹਰਸਿਮਰਨ ਸਿੰਘ, ਪ੍ਰਮੋਦ ਕੁਮਾਰ ਜੋਸ਼ੀ , ਕੁਲਵਿੰਦਰ ਕੌਰ, ਰਾਜਵਿੰਦਰ ਕੌਰ, ਰੇਸ਼ਮ ਕੌਰ, ਪ੍ਰੋਫੈਸਰ ਜਸਕਰਨ ਸਿੰਘ, ਕਰਨੈਲ ਸਿੰਘ ਸੰਧੂ, ਸੁਖਦੇਵ ਸਿੰਘ ਮਾਹੀ , ਜਸਵਿੰਦਰ ਪਟਵਾਰੀ ਆਦਿ ਸਮੂਹ ਬੁਲਾਰਿਆਂ ਨੇ ਰੋਡ ਸ਼ੋ ਸਮੇਂ ਜਥੇਬੰਦੀਆਂ ਦੇ ਆਗੂਆਂ ਨੂੰ ਘਰਾਂ ਅਤੇ ਸਕੂਲਾਂ ਦਫ਼ਤਰਾਂ ਵਿੱਚ ਨਜ਼ਰਬੰਦ ਕਰਨ ਦੀ ਤਿੱਖੇ ਸ਼ਬਦਾਂ ਵਿੱਚ ਸਖ਼ਤ ਨਿਖੇਧੀ ਕਰਦੇ ਹੋਏ ਕਿਹਾ ਕਿ ਇਹੋ ਜਿਹੇ ਘਿਨਾਉਣੇ ਹੱਥ ਕੰਡੇ ਵਰਤ ਕੇ ਪੰਜਾਬ ਚ ਆਮ ਆਦਮੀ ਪਾਰਟੀ ਦੀ ਭਗਵੰਤ ਸਿੰਘ ਮਾਨ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਲੋਕਤੰਤਰ ਦਾ ਘਾਣ ਕਰਨ ਤੇ ਉਤਰੇ ਹੋਏ ਹਨ ਅਤੇ ਲੋਕਾਂ ਦੇ ਆਪਣੀ ਆਵਾਜ਼ ਸ਼ਾਂਤ ਮਈ ਢੰਗ ਨਾਲ ਬੁਲੰਦ ਕਰਨ ਦੇ ਸੰਵਿਧਾਨਕ ਹੱਕ ਨੂੰ ਤਾਕਤ ਦੇ ਨਸ਼ੇ ਨਾਲ ਕੁਚਲਿਆ ਜਾ ਰਿਹਾ ਹੈ,ਜੋ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਆਗੂਆਂ ਨੇ ਵੋਟਾਂ ਮੰਗਣ ਆਏ ਮੁੱਖ ਮੰਤਰੀ ਤੇ ਏਨਾ ਦੇ ਉਮੀਦਵਾਰ ਨੂੰ ਸਿਰਫ਼ ਤੇ ਸਿਰਫ਼ ਆਪਣੀਆਂ ਹੱਕੀ ਅਤੇ ਜ਼ਾਇਜ਼ ਮੰਗਾਂ ਦੇ ਸੰਬੰਧ ਵਿੱਚ ਗੱਲਬਾਤ/ਸਵਾਲ ਕਰਨਾ ਸੀ।ਇਹ ਉਹ ਹੀ ਮੰਗਾਂ ਹਨ ਜਿਹਨਾਂ ਲਈ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਪੰਜਾਬ ਅਤੇ ਹੋਰ ਵੱਖ ਜਥੇਬੰਦੀਆਂ ਪਿਛਲੇ ਦੋ ਸਾਲ ਤੋਂ ਲਗਾਤਾਰ ਸੰਘਰਸ਼ਸ਼ੀਲ ਹਨ ਅਤੇ ਇਹਨਾਂ ਮੰਗਾਂ ਤੇ ਮੁੱਖ ਮੰਤਰੀ ਪੰਜਾਬ ਗੱਲਬਾਤ ਕਰਨ ਲਈ ਮੀਟਿੰਗਾਂ ਦਾ ਸਮਾਂ ਦੇ ਕੇ ਗੱਲਬਾਤ ਕਰਨ ਤੋਂ ਵਾਰ ਵਾਰ ਭਗੌੜਾ ਹੋਇਆ ਹੈ। ਮੁੱਖ ਮੰਤਰੀ ਤੇ ਪੁਲਿਸ ਦਾ ਤਾਨਾਸ਼ਾਹੀ ਵਤੀਰਾ ਆਮ ਲੋਕਾਂ ਤੇ ਮੁਲਾਜ਼ਮ ਵਰਗ ਨਾਲ ਧੱਕਾ ਕਰਨ ਵਾਲਾ ਹੈ। ਸਮੂਹ ਬੁਲਾਰਿਆਂ ਨੇ ਲੋਕ ਸਭਾ ਚੋਣਾਂ ਵਿੱਚ ਕੇਂਦਰ ਦੀ ਮੋਦੀ / ਭਾਜਪਾ ਸਰਕਾਰ ਅਤੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਸਬਕ ਸਿਖਾਉਣ ਲਈ ਆਪਣੇ ਕੀਮਤੀ ਵੋਟ ਦੀ ਵਰਤੋਂ ਸੋਚ ਵਿਚਾਰ ਕੇ ਕਰਨ ਦਾ ਸੱਦਾ ਦਿੱਤਾ । ਮੁਲਾਜ਼ਮ ਤੇ ਜਮਹੂਰੀ ਜਥੇਬੰਦੀਆਂ ਦਾ ਇਕੱਠ ਨਾਅਰੇ ਮਾਰਦਾ ਹੋਇਆ ਨਗਰ ਨਿਗਮ ਤੋਂ ਐਸ ਡੀ ਐਮ ਦਫਤਰ ਤੱਕ ਮਾਰਚ ਕਰਕੇ ਪਹੁੰਚਿਆ ਅਤੇ ਤਹਿਸੀਲ ਦਫਤਰ ਦੇ ਮੇਨ ਗੇਟ ਬਾਹਰ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ।

# ਸ਼ੈਰੀ ਬਹਿਲ ਬਣੇ ਜਲੰਧਰ ਸ਼ਹਿਰੀ ਪ੍ਰਧਾਨ



ਜਲੰਧਰ -ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਨੇ ਦੁਆਬਾ ਦੇ ਜਥੇਬੰਦਕ ਢਾਂਚੇ ਦਾ ਵਿਸਥਾਰ ਕੀਤਾ ਹੈ ਅਤੇ ਜਲੰਧਰ ਸ਼ਹਿਰੀ ਪ੍ਰਧਾਨ ਅਤੇ ਦੁਆਬਾ ਦੇ ਮੀਡੀਆ ਇੰਚਾਰਜ ਦੀ ਨਿਯੁਕਤੀ ਸਮੇਤ ਹੋਰ ਅਹੁਦਿਆਂ ਦਾ ਐਲਾਨ ਕੀਤਾ ਹੈ।

ਜਲੰਧਰ ਦੇ ਕਾਲੀਆ ਕਲੋਨੀ ਇਲਾਕੇ ਵਿੱਚ ਭਰਵੀਂ ਰੈਲੀ ਨੂੰ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਸੂਬਾ ਪ੍ਰਧਾਨ ਬਲਦੇਵ ਸਿੰਘ ਜੀਰਾ ਅਤੇ ਦੁਆਬਾ ਪ੍ਰਧਾਨ ਬਾਈ ਨਛੱਤਰ ਸਿੰਘ ਨੇ ਇੰਦਰਪਾਲ ਸਿੰਘ ਸ਼ੈਰੀ ਬਹਿਲ ਨੂੰ ਜਲੰਧਰ ਸ਼ਹਿਰੀ ਇਕਾਈ ਦਾ ਪ੍ਰਧਾਨ ਘੋਸ਼ਿਤ ਕੀਤਾ। ਉਨ੍ਹਾਂ ਦੇ ਨਾਲ ਧਰਮਿੰਦਰ ਸਿੰਘ ਭਿੰਦਾ ਨੂੰ ਮੀਤ ਪ੍ਰਧਾਨ ਦੁਆਬਾ, ਅਜੀਤ ਸਿੰਘ ਬੁਲੰਦ ਨੂੰ ਮੀਡੀਆ ਇੰਚਾਰਜ ਦੁਆਬਾ, ਮਨਪ੍ਰੀਤ ਸਿੰਘ ਮੰਨਾ ਨੂੰ ਜਨਰਲ ਸਕੱਤਰ ਦੁਆਬਾ, ਭੁਪਿੰਦਰ ਸਿੰਘ ਬੋਬੀ ਨੂੰ ਐਡਵਾਈਜ਼ਰ ਦੁਆਬਾ ਨਿਯੁਕਤ ਕੀਤਾ ਗਿਆ ਹੈ।

ਇਸ ਮੌਕੇ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਬਲਦੇਵ ਸਿੰਘ ਜੀਰਾ ਨੇ ਆਖਿਆ ਕਿ ਕਿਸਾਨਾਂ ਵੱਲੋਂ ਲੜੀ ਜਾ ਰਹੀ MSP ਦੀ ਲੜਾਈ ਇਕੱਲੇ ਕਿਸਾਨਾਂ ਦੀ ਲੜਾਈ ਨਹੀਂ ਹੈ, ਸਗੋਂ ਸਮੁੱਚੇ ਪੰਜਾਬੀ ਲੋਕਾਂ ਦੀ ਲੜਾਈ ਹੈ। ਇਸ ਨੂੰ ਸਾਨੂੰ ਸਭ ਨੂੰ ਇਕੱਠੇ ਹੋ ਕੇ ਲੜਨਾ ਚਾਹੀਦਾ ਹੈ।

ਜਿਹੜੀਆਂ ਪਾਰਟੀਆਂ ਨੇ ਕਿਸਾਨਾਂ ਦੀਆਂ ਮੰਗਾਂ ਨੂੰ ਨਜ਼ਰ ਅੰਦਾਜ਼ ਕੀਤਾ ਹੈ, ਲੋਕ ਉਹਨਾਂ ਨੂੰ ਚੋਣਾਂ ਵਿੱਚ ਸਬਕ ਜਰੂਰ ਸਿਖਾਉਣ ਅਤੇ ਪਿੰਡਾਂ ਸ਼ਹਿਰਾਂ ਵਿੱਚ ਉਹਨਾਂ ਨੂੰ ਸਵਾਲ ਕੀਤੇ ਜਾਣ ਤਾਂ ਜੋ ਬੋਲੀ ਸਰਕਾਰ ਦੇ ਕੰਨਾਂ ਤੱਕ ਕਿਸਾਨਾਂ ਦੀ ਆਵਾਜ਼ ਪਹੁੰਚ ਸਕੇ।

ਉਹਨਾਂ ਕਿਹਾ ਕਿ ਪਟਿਆਲਾ ਵਿਖੇ ਕਿਸਾਨ ਸੁਰਿੰਦਰਪਾਲ ਸਿੰਘ ਆਕੜੀ ਦੀ ਮੌਤ ਦੇ ਜਿੰਮੇਦਾਰ ਹਰਵਿੰਦਰ ਸਿੰਘ ਹਰਪਾਲਪੁਰਾ 'ਤੇ 302 ਦਾ ਪਰਚਾ ਦਰਜ ਕੀਤਾ ਜਾਣਾ ਚਾਹੀਦਾ ਹੈ ਅਤੇ ਇਸ ਸਾਰੇ ਮਾਹੌਲ ਲਈ ਜਿੰਮੇਦਾਰ ਪਰਨੀਤ ਕੌਰ ਅਤੇ ਹੋਰ ਭਾਜਪਾ ਆਗੂਆਂ 'ਤੇ 120 ਦੀ ਧਾਰਾ ਦੇ ਤਹਿਤ ਕੇਸ ਦਰਜ ਕੀਤਾ ਜਾਵੇ।

ਜਥੇਬੰਦੀ ਦੇ ਦੁਆਬਾ ਪ੍ਰਧਾਨ ਬਾਈ ਨਛੱਤਰ ਸਿੰਘ ਬਿਜਲੀ ਨੰਗਲ ਨੇ ਆਖਿਆ ਕਿ ਉਹਨਾਂ ਦੇ ਮੋਰਚੇ ਵੱਲੋਂ 22 ਮਈ ਨੂੰ ਸ਼ੰਭੂ ਅਤੇ ਖਨੌਰੀ ਵਿਖੇ ਭਾਰੀ ਇਕੱਠ ਕਰਨ ਦਾ ਸੱਦਾ ਦਿੱਤਾ ਗਿਆ ਹੈ। ਇਸ ਵਿੱਚ ਦੁਆਬੇ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਅਤੇ ਦੁਕਾਨਦਾਰ ਸ਼ਾਮਿਲ ਹੋਣਗੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸਿਆਸੀ ਪਾਰਟੀਬਾਜੀ ਤੋਂ ਉੱਪਰ ਉੱਠ ਕੇ ਕਿਸਾਨੀ ਮੋਰਚੇ ਨੂੰ ਮਜਬੂਤ ਕੀਤਾ ਜਾਵੇ ਤਾਂ ਜੋ ਕਿਸਾਨਾਂ ਦੇ ਹੱਕਾਂ ਦੇ ਨਾਲ ਨਾਲ ਗਰੀਬ ਮਜ਼ਦੂਰਾਂ , ਛੋਟੇ ਕਿਸਾਨਾਂ ਅਤੇ ਛੋਟੇ ਦੁਕਾਨਦਾਰਾਂ ਦੇ ਮਾਰੇ ਜਾ ਰਹੇ ਹੱਕ ਵੀ ਮੁੜ ਸੁਰਜੀਤ ਕੀਤੇ ਜਾ ਸਕਣ।

ਉਹਨਾਂ ਕਿਹਾ ਕਿ ਜੋ ਵੱਡੇ ਸਿਆਸਤਦਾਨ ਇਹ ਸਾਜਿਸ਼ ਰਚ ਰਹੇ ਹਨ ਕਿ ਪੰਜਾਬ ਦੀਆਂ ਜਮੀਨਾਂ ਵੱਡੇ ਸਰਮਾਏਦਾਰਾਂ ਨੂੰ ਕਰਜ਼ੇ ਦੇ ਇਵਜੋਂ ਦੇ ਦਿੱਤੀਆਂ ਜਾਣਗੀਆਂ, ਉਹ ਭੁੱਲ ਜਾਣ। ਪੰਜਾਬੀ ਆਪਣਾ ਕੱਤਰਾ ਕਤਰਾ ਖ਼ੂਨ ਵਹਾ ਸਕਦੇ ਹਨ ਪਰ ਆਪਣੀਆਂ ਜਮੀਨਾਂ, ਆਪਣੇ ਪਾਣੀ ਅਤੇ ਆਪਣੇ ਹੱਕ ਖੋਹਣ ਨਹੀਂ ਦਿੰਦੇ।

ਇਸ ਮੌਕੇ ਸੰਬੋਧਨ ਕਰਦਿਆਂ ਸਸ਼ੈਰੀ ਬਹਿਲ ਨੇ ਕਿਹਾ ਕਿ ਯੂਨੀਅਨ ਨੇ ਉਹਨਾਂ ਨੂੰ ਜੋ ਜਿੰਮੇਵਾਰੀ ਦਿੱਤੀ ਹੈ, ਉਹ ਪੂਰੀ ਤਨਦੇਹੀ ਹੀ ਨਾਲ ਨਿਭਾਉਣਗੇ। ਉਹਨਾਂ ਕਿਹਾ ਕਿ ਕਿਸਾਨੀ ਮੋਰਚੇ ਤੇ 22 ਮਈ ਨੂੰ ਜਲੰਧਰ ਤੋਂ ਉਹ ਭਾਰੀ ਮਾਤਰਾ ਵਿੱਚ ਨੌਜਵਾਨਾਂ ਨੂੰ ਨਾਲ ਲੈ ਕੇ ਪੁੱਜਣਗੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਅੱਛਰ ਸਿੰਘ ਗਡਾਣਾ, ਰਾਜਾ ਵੜਿੰਗ, ਅੰਮ੍ਰਿਤ ਸਲੇਮਪੁਰ, ਮਨਦੀਪ ਸਿੰਘ ਬੱਲੂ, ਦਿਲਬਾਗ ਸਿੰਘ, ਮਨਦੀਪ ਸਿੰਘ ਮਿੱਠੂ, ਮਨਦੀਪ ਸਿੰਘ ਮੱਕੜ, ਨੋਨੀ ਸ਼ਰਮਾ, ਮਨੀਸ਼ ਫੈਨ ਭਗਤ ਸਿੰਘ, ਡਿਪਟੀ ਬਹਿਲ, ਸਾਹਿਬ ਬਹਿਲ, ਗੁਰਚਰਨ ਸਿੰਘ, ਜਪਜੀ ਸਿੰਘ, ਗੱਗੀ ਭੱਟੀ, ਸਾਬੀ ਨੁੱਸੀ, ਕਮਲ ਨੁੱਸੀ, ਜੱਸਾ ਨੁੱਸੀ, ਗੁਰਮੀਤ ਸਿੰਘ ਬਿੱਟੂ, ਲਵ ਕੋਕਲਪੁਰ, ਪ੍ਰਦੀਪ ਭਿੰਦਾ, ਬਾਵਾ, ਮਿੱਠੂ, ਮੱਲੀ,ਅੰਮ੍ਰਿਤ ਨਕੋਦਰ, ਕੁਲਦੀਪ ਬਿਜਲੀ ਨੰਗਲ, ਰਵੀ ਲੋਹਗੜ , ਅੰਮ੍ਰਿਤ ਰਈਆ, ਜਸਕਰਨ ਸਿੰਘ ਬੁੱਟਰ , ਮਨਜੋਤ ਸਿੰਘ ਨਿਜਾਮਪੁਰ, ਦੀਪ ਰੰਧਾਵਾ , ਸੁਖ ਰੰਧਾਵਾ, ਕੰਨੂ ਬਹਿਲ, ਮਹਿੰਦਰ ਸਿੰਘ, ਮੰਗਾ ਰੰਧਾਵਾ, ਗੁਰਪ੍ਰੀਤ, ਚਰਨਜੀਤ ਮਿੰਟਾ, ਸਰਬਜੀਤ ਸਿੰਘ ਪਨੇਸਰ, ਬਲਜੀਤ ਸਿੰਘ, ਦਵਿੰਦਰ ਸਿੰਘ, ਕਮਲਜੀਤ ਨੁੱਸੀ , ਮਿੱਟੂ, ਰਾਜਾ ਕਾਲੀਆ ਕਲੋਨੀ, ਗੁਰਸ਼ਰਨ ਸਿੰਘ , ਦਰਸ਼ਨ ਸਿੰਘ ਪ੍ਰਧਾਨ ਵੀ ਮੌਜੂਦ ਸਨ।

# ਐਲਪੀਜੀਆਈ ਸਾਹਿਤ ਐਸੋਸਿਏਸ਼ਨ ਵੱਲੋਂ 112ਵਾਂ ਅੰਤਰਰਾਸ਼ਟਰੀ ਕਵੀ ਸੰਮੇਲਨ ਕਰਵਾਇਆ ਗਿਆ

**- ਨੀਰਜ ਗੁਪਤਾ ਮੁੱਖ ਮਹਿਮਾਨ, ਹਰਪਾਲ ਸਿੰਘ ਅਤੇ ਡਾ: ਵਿਨੋਦ ਸ਼ਰਮਾ ਵਿਸ਼ੇਸ਼ ਮਹਿਮਾਨ ਐਲ.ਪੀ.ਜੀ.ਆਈ.ਐਸ.ਏ. ਸੰਸਥਾਪਕ ਆਸ਼ੀਸ਼ ਸ਼ਰਮਾ ਅਤੇ ਯੋਗਿਤਾ ਸ਼ਰਮਾ ਮੌਜੂਦ ਹਨ**




**ਅਮੁਲਿਆ, ਚੰਡੀਗੜ੍ਹ ਲੋਕ ਬਾਣੀ** ਐਲਪੀਜੀਆਈ ਸਾਹਿਤ ਐਸੋਸਿਏਸ਼ਨ ਵੱਲੋਂ ਅੰਤਰਰਾਸ਼ਟਰੀ ਕਵੀ ਸੰਮੇਲਨ ਕਰਵਾਇਆ ਗਿਆ। ਇਹ ਐਲਪੀਜੀਆਈ ਸਾਹਿਤ ਐਸੋਸਿਏਸ਼ਨ. ਸ਼ਤਾਬਦੀ 112ਵੀਂ ਜੀ.ਜੀ.ਐਮ. (ਗਲੋਬਲ ਗੈਦਰਿੰਗ ਮੀਟ), ਜਿਸ ਦਾ ਵਿਸ਼ਾ 'ਪੰਛੀ' ਸੀ। ਇਸ ਅੰਤਰਰਾਸ਼ਟਰੀ ਕਾਵਿ ਸੰਮੇਲਨ ਵਿੱਚ ਦੁਨੀਆਂ ਭਰ ਦੇ ਨਾਮਵਰ ਕਵੀਆਂ ਨੇ ਸ਼ਿਰਕਤ ਕੀਤੀ, ਛੱਤਬੀੜ ਚਿੜੀਆਘਰ ਦੇ ਡਾਇਰੈਕਟਰ ਨੀਰਜ ਗੁਪਤਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਹ ਜੰਗਲੀ ਜੀਵਾਂ 'ਤੇ ਰਹੇ। ਉਸਨੇ ਐਲਪੀਜੀਆਈ ਸਾਹਿਤ ਐਸੋਸਿਏਸ਼ਨ ਨੇ ਇਸ ਪ੍ਰੋਗਰਾਮ ਦੀ ਸ਼ਲਾਘਾ ਕੀਤੀ ਅਤੇ ਸਾਰਿਆਂ ਨੂੰ ਜੰਗਲੀ ਜੀਵਾਂ ਦੀ ਸੁਰੱਖਿਆ ਲਈ ਪ੍ਰੇਰਿਤ ਕੀਤਾ। ਛੱਤਬੀੜ ਚਿੜੀਆਘਰ ਦੇ ਸਿੱਖਿਆ ਅਫ਼ਸਰ ਹਰਪਾਲ ਸਿੰਘ ਵਿਸ਼ੇਸ਼ ਮਹਿਮਾਨ ਸਨ। ਉਨ੍ਹਾਂ ਨੇ ਜੈਵ ਵਿਭਿੰਨਤਾ ਬਾਰੇ ਪ੍ਰੇਰਨਾਦਾਇਕ ਬਿਆਨ ਦਿੱਤਾ। ਪ੍ਰਸਿੱਧ ਸ਼ਾਇਰ ਡਾ: ਵਿਨੋਦ ਸ਼ਰਮਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਆਸ਼ੀਸ਼ ਅਤੇ ਯੋਗਿਤਾ ਦੇ ਸਾਹਿਤ ਪ੍ਰਤੀ ਪਿਆਰ ਅਤੇ ਯੋਗਦਾਨ ਦੀ ਸ਼ਲਾਘਾ ਕੀਤੀ ਅਤੇ ਸਾਰੇ ਕਵੀਆਂ ਦੀ ਹੌਸਲਾ ਅਫਜ਼ਾਈ ਕੀਤੀ। ਉਨ੍ਹਾਂ ਸਾਰੇ ਕਵੀਆਂ ਦੀ ਸ਼ਲਾਘਾ ਕੀਤੀ ਅਤੇ ਵਿਸ਼ਵ ਭਰ ਦੇ ਕਵੀਆਂ ਨੂੰ ਇਕਜੁੱਟ ਕਰਨ ਲਈ ਐਲਪੀਜੀਆਈਐਸਏ ਦੀ ਪ੍ਰਸ਼ੰਸਾ ਕੀਤੀ। ਐਲ.ਪੀ.ਜੀ.ਆਈ. ਸਾਹਿਤ ਐਸੋਸੀਏਸ਼ਨ (ਰਜਿ.) ਦੇ ਸੰਸਥਾਪਕ ਅਤੇ ਗਲੋਬਲ ਚੇਅਰਮੈਨ ਅਸ਼ੀਸ਼ ਸ਼ਰਮਾ ਅਤੇ ਸੰਸਥਾਪਕ ਅਤੇ ਗਲੋਬਲ ਪ੍ਰਧਾਨ ਯੋਗਿਤਾ ਸ਼ਰਮਾ ਨੇ ਸਾਰਿਆਂ ਨੂੰ ਜੀ ਆਇਆਂ ਕਿਹਾ ਅਤੇ ਸ਼ੁਭ ਕਾਮਨਾਵਾਂ ਦਿੱਤੀਆਂ। ਭਾਰਤ ਤੋਂ ਆਈ ਕਵਿਤਰੀ ਅੰਜਲੀ ਸਾਰਸਵਤ ਸ਼ਰਮਾ ਨੇ ਬਹੁਤ ਹੀ ਸ਼ਾਨਦਾਰ ਢੰਗ ਨਾਲ ਪ੍ਰੋਗਰਾਮ ਦਾ ਸੰਚਾਲਨ ਕੀਤਾ। ਵਿਸ਼ੇਸ਼ ਬਿਆਨ ਐਲਪੀਜੀਆਈ ਸਾਹਿਤ ਐਸੋਸਿਏਸ਼ਨ ਯੂਕੇ ਡਾ ਕ੍ਰਿਸ਼ਨ ਕਨ੍ਹਈਆ, ਪ੍ਰਧਾਨ ਅਤੇ ਧੰਨਵਾਦ ਦਾ ਮਤਾ ਸੁਨੀਤਾ ਮਹਿੰਦਰੂ, ਗਲੋਬਲ ਸਰਟੀਫਿਕੇਟ ਕੋਆਰਡੀਨੇਟਰ ਨੇ ਪੇਸ਼ ਕੀਤਾ। ਇਸ ਕਾਨਫਰੰਸ ਵਿੱਚ ਵਿਸ਼ਵ ਭਰ ਦੇ ਨਾਮਵਰ ਕਵੀਆਂ ਅਤੇ ਉੱਘੀਆਂ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਇਸ ਸੈਮੀਨਾਰ ਵਿੱਚ ਨੀਰਜ ਗੁਪਤਾ, ਹਰਪਾਲ ਸਿੰਘ, ਡਾ: ਵਿਨੋਦ ਸ਼ਰਮਾ, ਅੰਜਲੀ ਸਾਰਸਵਤ ਸ਼ਰਮਾ, ਰਾਜ ਕੁਮਾਰ ਵਰਮਾ, ਗੀਤਾ ਮਿਸ਼ਰਾ, ਸਾਹਿਲ ਨਿਗਮ (ਭਾਰਤ), ਅਸ਼ੀਸ਼ ਸ਼ਰਮਾ, ਯੋਗਿਤਾ ਸ਼ਰਮਾ, ਮੀਨਾਕਸ਼ੀ ਗਾਂਧੀ ਗੁਪਤਾ, ਵੈਸ਼ਾਲੀ ਰਸਤੋਗੀ, ਲੀਨਾ ਸ਼ਾਰਦਾ, ਡਾ. ਵਸ਼ਿਸ਼ਟ ਓਬਰਾਏ (ਇੰਡੋਨੇਸ਼ੀਆ), ਅਰਾਧਨਾ ਸਦਾਸ਼ਿਵਮ (ਸਿੰਗਾਪੁਰ), ਉਰਮਿਲਾ ਮਿਸ਼ਰਾ, ਮੰਜੁਲਾ ਠਾਕੁਰ, ਅੰਜਨਾ ਮਜੂਮਦਾਰ, (ਆਸਟ੍ਰੇਲੀਆ), ਸੁਨੀਤਾ ਮਹਿੰਦਰੂ (ਥਾਈਲੈਂਡ), ਡਾ: ਕ੍ਰਿਸ਼ਨ ਕੁਮਾਰ ਕਨ੍ਹਈਆ (ਯੂ.ਕੇ.), ਸ਼ਬੀਰ ਮੁਨੱਵਰ (ਯੂ.ਏ.ਈ.) ਨੇ ਪ੍ਰਗਟ ਕੀਤੇ ਆਪਣੇ ਵਿਚਾਰ, ਸ਼ੁਭ ਕਾਮਨਾਵਾਂ ਦਿੱਤੀਆਂ ਅਤੇ ਨਵੇਂ ਸਾਲ ਲਈ ਆਪਣੀਆਂ ਸਰਵੋਤਮ ਰਚਨਾਵਾਂ ਨਾਲ ਕਾਵਿ-ਸਥਾਨ ਨੂੰ ਸਜਾਇਆ। ਪ੍ਰੋਗਰਾਮ ਦਾ ਪੋਸਟਰ ਅਤੇ ਵੀਡੀਓ ਆਸਟ੍ਰੇਲੀਆ ਤੋਂ ਅਭਿਲਕਸ਼ ਸ਼ਰਮਾ ਅਤੇ ਵੇਦਿਕਾ ਗੁਪਤਾ ਨੇ ਤਿਆਰ ਕੀਤਾ ਹੈ।

## ਲੋਕ ਸਭਾ ਚੋਣਾਂ 2024: ਲੁਧਿਆਣਾ ਵਿੱਚ ਹੁਣ ਤੱਕ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ 1.11 ਕਰੋੜ ਰੁਪਏ ਦੇ ਚੋਣ ਖਰਚੇ - ਡੀਈਓ ਸਾਕਸ਼ੀ ਸਾਹਨੀ



**ਲੁਧਿਆਣਾ, 7 ਮਈ ਲੋਕ ਬਾਣੀ (ਸੁਖਚੈਨ ਮਹਿਰਾ)**- ਜ਼ਿਲ੍ਹਾ ਚੋਣ ਅਧਿਕਾਰੀ ਸਾਕਸ਼ੀ ਸਾਹਨੀ ਨੇ ਮੰਗਲਵਾਰ ਨੂੰ ਦੱਸਿਆ ਕਿ 16 ਮਾਰਚ ਨੂੰ ਆਦਰਸ਼ ਚੋਣ ਜ਼ਾਬਤਾ ਲਾਗੂ ਹੋਣ ਤੋਂ ਬਾਅਦ ਪ੍ਰਸ਼ਾਸਨ ਨੇ ਹੁਣ ਤੱਕ ਲੁਧਿਆਣਾ ਵਿੱਚ ਵੱਖ-ਵੱਖ ਸਿਆਸੀ ਪਾਰਟੀਆਂ ਦੇ ਖਾਤਿਆਂ ਵਿੱਚ 1.11 ਕਰੋੜ ਰੁਪਏ ਦੇ ਚੋਣ ਖਰਚੇ ਦਰਜ ਕੀਤੇ ਹਨ।

ਸਾਹਨੀ ਨੇ ਇਹ ਵੀ ਕਿਹਾ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਉਮੀਦਵਾਰ ਲਈ ਖਰਚੇ ਦੀ ਹੱਦ 95 ਲੱਖ ਰੁਪਏ ਹੈ। ਉਮੀਦਵਾਰਾਂ ਦੀ ਨਾਮਜ਼ਦਗੀ ਸਫਲ ਹੋਣ ਤੋਂ ਬਾਅਦ, ਚੋਣ ਪ੍ਰਚਾਰ 'ਤੇ ਕਿਸੇ ਵੀ ਕਿਸਮ ਦਾ ਖਰਚਾ ਉਮੀਦਵਾਰ ਦੇ ਖਾਤੇ ਵਿੱਚ ਦਰਜ ਕੀਤਾ ਜਾਵੇਗਾ। ਉਸਨੇ ਅੱਗੇ ਕਿਹਾ ਕਿ ਲੁਧਿਆਣਾ ਸੰਸਦੀ ਹਲਕੇ (ਪੀਸੀ) ਅਧੀਨ ਆਉਂਦੇ ਆਤਮ ਨਗਰ, ਗਿੱਲ ਅਤੇ ਲੁਧਿਆਣਾ ਦੱਖਣੀ ਹਲਕੇ ਅਤੇ ਫਤਹਿਗੜ੍ਹ ਸਾਹਿਬ ਪੀਸੀ ਅਧੀਨ ਆਉਂਦੇ ਸਾਹਨੇਵਾਲ ਵਿਧਾਨ ਸਭਾ ਹਲਕੇ ਖਰਚੇ ਦੇ ਪੱਖੋਂ ਸੰਵੇਦਨਸ਼ੀਲ ਹਨ। ਚੋਣ ਟੀਮਾਂ ਇਨ੍ਹਾਂ ਹਲਕਿਆਂ ਵਿੱਚ ਤਿੱਖੀ ਨਜ਼ਰ ਰੱਖਣਗੀਆਂ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਹਿਲੀ ਵਾਰ ਵੋਟਰਾਂ ਦੀ ਗਿਣਤੀ 57856 ਕੀਤੀ ਗਈ ਹੈ। ਹੁਣ ਤੱਕ, ਲੁਧਿਆਣਾ ਜ਼ਿਲ੍ਹੇ ਵਿੱਚ ਕੁੱਲ 2689481 ਵੋਟਰ ਹਨ, ਜਿਨ੍ਹਾਂ ਵਿੱਚ 1433062 ਪੁਰਸ਼, 1256270 ਔਰਤਾਂ ਅਤੇ 149 ਤੀਜੇ ਲਿੰਗ ਹਨ। ਲੁਧਿਆਣਾ ਸੰਸਦੀ ਹਲਕੇ ਅਧੀਨ 935071 ਪੁਰਸ਼, 819447 ਔਰਤਾਂ ਅਤੇ 132 ਤੀਜੇ ਲਿੰਗ ਹਨ।

ਸਾਹਨੀ ਨੇ ਇਹ ਵੀ ਐਲਾਨ ਕੀਤਾ ਕਿ 7 ਮਈ ਤੋਂ 14 ਮਈ ਤੱਕ ਨਾਮਜ਼ਦਗੀਆਂ ਦਾਖ਼ਲ ਕਰਨ ਵਾਲੀ ਥਾਂ 'ਤੇ ਉਮੀਦਵਾਰ ਸਮੇਤ ਸਿਰਫ਼ ਪੰਜ ਵਿਅਕਤੀਆਂ ਨੂੰ ਹੀ ਦਾਖ਼ਲ ਹੋਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਾਮਜ਼ਦਗੀ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਸੁਤੰਤਰ ਅਤੇ ਨਿਰਪੱਖਤਾ ਨਾਲ. ਵੋਟਾਂ ਲਈ ਨਾਮਜ਼ਦਗੀਆਂ ਸਵੇਰੇ 11 ਵਜੇ ਤੋਂ ਬਾਅਦ ਦੁਪਹਿਰ 3 ਵਜੇ ਤੱਕ ਲਈਆਂ ਜਾਣਗੀਆਂ।

ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਨਾਮਜ਼ਦਗੀ ਪੱਤਰ 10 ਮਈ ਨੂੰ ਸਵੀਕਾਰ ਕੀਤੇ ਜਾਣਗੇ। ਗਜ਼ਟਿਡ ਛੁੱਟੀਆਂ ਕਾਰਨ 11 ਅਤੇ 12 ਮਈ ਨੂੰ ਕਾਗਜ਼ ਦਾਖਲ ਨਹੀਂ ਕੀਤੇ ਜਾਣਗੇ। ਕਾਗਜ਼ਾਂ ਦੀ ਪੜਤਾਲ 15 ਮਈ ਨੂੰ ਹੋਵੇਗੀ ਅਤੇ ਉਮੀਦਵਾਰੀ ਵਾਪਸ ਲੈਣ ਦੀ ਆਖਰੀ ਮਿਤੀ 17 ਮਈ ਹੈ। ਸਾਰੀਆਂ 13 ਲੋਕ ਸਭਾ ਸੀਟਾਂ 'ਤੇ 1 ਜੂਨ ਨੂੰ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਵੋਟਾਂ ਪੈਣਗੀਆਂ।

ਸਾਹਨੀ ਨੇ ਵੋਟਰਾਂ ਨੂੰ 'ਇਸ ਵਾਰ 70 ਪਾਰ' ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਉਤਸ਼ਾਹ ਨਾਲ ਭਾਗ ਲੈਣ ਦੀ ਅਪੀਲ ਕੀਤੀ ਅਤੇ ਭਰੋਸਾ ਦਿੱਤਾ ਕਿ ਪੋਲਿੰਗ ਬੂਥਾਂ 'ਤੇ ਨਿੰਬੂ ਪਾਣੀ, ਮਿੱਠਾ ਪਾਣੀ, ਪੱਖੇ, ਸ਼ੈੱਡ ਅਤੇ ਬੈਠਣ ਦੀਆਂ ਸਹੂਲਤਾਂ ਦਾ ਪ੍ਰਬੰਧ ਯਕੀਨੀ ਬਣਾਇਆ ਜਾਵੇਗਾ। ਇਨ੍ਹਾਂ ਪ੍ਰਬੰਧਾਂ ਤੋਂ ਇਲਾਵਾ ਪ੍ਰਸ਼ਾਸਨ ਵੱਲੋਂ 1 ਜੂਨ ਨੂੰ ਪਿਕ ਐਂਡ ਡਰਾਪ ਦੀਆਂ ਸਹੂਲਤਾਂ ਦਾ ਵੀ ਪ੍ਰਬੰਧ ਕੀਤਾ ਜਾਵੇਗਾ।

## ਗੁਰਸੇਵਕ ਸਿੰਘ ਜੇ.ਈ ਝੰਡਿਆਣਾ ਨੂੰ ਸੇਵਾ ਮੁਕਤੀ ਤੇ ਗੁਰੂਦੁਆਰਾ ਸਾਹਿਬ ਵਿਖੇ ਕੀਤਾ ਸਨਮਾਨਿਤ

**ਕੋਟ ਇਸੇ ਖਾਂ ਲੋਕ ਬਾਣੀ (ਅਰੋੜਾ)** ਮੰਡੀ ਬੋਰਡ ਦੇ ਜੇ.ਈ ਗੁਰਸੇਵਕ ਸਿੰਘ ਜੋ ਕਿ ਬੀਤੀ 30 ਅਪ੍ਰੈਲ ਨੂੰ ਮੁਹਾਲੀ ਤੋਂ ਸੇਵਾ ਮੁਕਤ ਹੋ ਗਏ ਸਨ। ਉਨਾਂ ਦੀਆਂ ਸ਼ਾਨਦਾਰ ਸੇਵਾਵਾਂ ਨਿਭਾਉਣ ਸਦਕਾ ਬਿਨਾਂ ਕਿਸੇ ਢੋਲ- ਢਮੱਕੇ ਦੇ ਗੁਰ ਮਰਿਆਦਾ ਅਨੁਸਾਰ ਉਨਾਂ ਨੂੰ ਵੱਖ-ਵੱਖ ਸ਼ਖਸ਼ੀਅਤਾਂ ਵੱਲੋਂ ਗੁਰਦੁਆਰਾ ਸ਼ਹੀਦ ਗੰਜ ਸਲੀਨਾ ਵਿਖੇ ਪਰਮਹੰਸ ਸੰਤ ਗੁਰਜੰਟ



ਸਿੰਘ ਜੀ ਦੀ ਰਹਿਨੁਮਾਈ ਹੇਠ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਸਮੇਂ ਪਰਮਹੰਸ ਸੰਤ ਗੁਰਜੰਟ ਸਿੰਘ ਜੀ ਨੇ ਗੁਰਸੇਵਕ ਸਿੰਘ ਨੂੰ ਸਿਰਪਾਓ ਦੇ ਕੇ ਸਨਮਾਨਿਤ ਕਰਦਿਆਂ ਕਿਹਾ ਕਿ ਗੁਰਸੇਵਕ ਸਿੰਘ ਪੰਜਾਬ ਮੰਡੀ ਬੋਰਡ ਵਿੱਚੋਂ ਬੇਦਾਗ ਅਤੇ ਇਮਾਨਦਾਰੀ ਨਾਲ 35 ਸਾਲ ਨੌਕਰੀ ਕੀਤੀ ਹੈ।ਕਿਸੇ ਵੀ ਮੁਲਾਜ਼ਮ ਦਾ ਬੇਦਾਗ ਸੇਵਾ ਮੁਕਤ ਹੋਣਾ ਮੁਲਾਜ਼ਮ ਵਾਸਤੇ ਬਹੁਤ ਵੱਡੀ ਪ੍ਰਾਪਤੀ ਹੈ। ਇਸ ਸਮਾਗਮ ਵਿੱਚ ਸੋਹਨ ਲਾਲ ਸਾਬਕਾ ਐਕਸੀਅਨ,ਉਹਨਾਂ ਦੇ ਪਿਤਾ ਰੁਲਦੂ ਸਿੰਘ ਮਾਸਟਰ ਗੁਰਮੇਲ ਸਿੰਘ, ਬਲਜਿੰਦਰ ਪਾਲ ਸਿੰਘ ਰਾਊਕੇ ,ਟੇਕ ਚੰਦ ਬਜਾਜ ਜੀਰਾ ,ਸੰਦੀਪ ਕੁਮਾਰ ਐਡਵੋਕੇਟ, ਕੁਲਵੰਤ ਸਿੰਘ ਨਰਿੰਦਰ ਪਾਲ ਐਸਡੀਓ ,ਤਰੁਣ ਕੁਮਾਰ ਜੇਈ, ਜੀਤ ਸਿੰਘ ਜੇਈ, ਗੁਰਦੀਪ ਸਿੰਘ ਜੇਈ, ਉਂਕਾਰ ਸਿੰਘ, ਦਵਿੰਦਰ ਸਿੰਘ ਸੁਪਰਡੈਂਟ ,ਅਵਤਾਰ ਸਿੰਘ ਸੁਪਰਡੈਂਟ ਫਿਰੋਜਪੁਰ ਆਦਿ ਮੁਲਾਜ਼ਮ, ਰਿਸ਼ਤੇਦਾਰ ਅਤੇ ਸੇਵਾਦਾਰ ਹਾਜ਼ਰ ਸਨ। ਇਸ ਮੌਕੇ ਗੁਰਚਰਨ ਸਿੰਘ ਗੋਲਡੀ ਸੇਵਾਦਾਰ ਦੇ ਪਿਤਾ ਕੁਲਦੀਪ ਸਿੰਘ ਸੇਵਾ ਮੁਕਤ ਆਦਮੀ ਦਾ ਵੀ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।

# ਲੋਕ ਸਭਾ ਚੋਣਾਂ ਲਈ ਕਾਗਜ਼ ਭਰ ਸਕਣਗੇ ਉਮੀਦਵਾਰ - ਰਿਟਰਨਿੰਗ ਅਫ਼ਸਰ



ਗੁਰਦਾਸਪੁਰ ਲੋਕ ਬਾਣੀ-ਨਵਨੀਤ ਕੁਮਾਰ - ਗੁਰਦਾਸਪੁਰ ਲੋਕ ਸਭਾ ਹਲਕੇ ਦੀਆਂ ਚੋਣਾਂ ਲੜਨ ਲਈ ਅੱਜ ਭਾਵ 7 ਮਈ ਤੋਂ ਲੈ ਕੇ 14 ਮਈ ਤੱਕ ਉਮੀਦਵਾਰ ਆਪਣੇ ਨਾਮਜ਼ਦਗੀ ਕਾਗਜ਼ ਦਾਖਲ ਕਰਵਾ ਸਕਣਗੇ। ਇਹ ਨਾਮਜ਼ਦਗੀ ਕਾਗਜ਼ ਡਿਪਟੀ ਕਮਿਸ਼ਨਰ ਦਫ਼ਤਰ, ਗੁਰਦਾਸਪੁਰ ਦੇ ਕਮਰਾ ਨੰਬਰ 213 ਵਿਚ ਸਵੇਰੇ 11:00 ਤੋਂ ਬਾਅਦ ਦੁਪਹਿਰ 3:00 ਵਜੇ ਤੱਕ ਜਮਾਂ ਕਰਵਾਏ ਜਾ ਸਕਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਵਿਸ਼ੇਸ਼ ਸਾਰੰਗਲ, ਆਈ.ਏ.ਐੱਸ., ਰਿਟਰਨਿੰਗ ਅਫ਼ਸਰ, 01 ਲੋਕ ਸਭਾ ਹਲਕਾ ਗੁਰਦਾਸਪੁਰ ਨੇ ਦੱਸਿਆ ਕਿ 11 ਅਤੇ 12 ਮਈ ਨੂੰ ਸ਼ਨੀਵਾਰ ਅਤੇ ਐਤਵਾਰ ਦੀ ਛੁੱਟੀ ਹੋਵੇਗੀ ਅਤੇ ਇਨ੍ਹਾਂ ਦੋ ਦਿਨਾਂ ਵਿੱਚ ਨਾਮਜ਼ਦਗੀਆਂ ਨਹੀਂ ਲਈਆਂ ਜਾਣਗੀਆਂ। ਉਨਾਂ ਏਥੇ ਇਹ ਵੀ ਸਪੱਸ਼ਟ ਕੀਤਾ ਹੈ ਕਿ ਭਾਂਵੇ 10 ਮਈ ਨੂੰ ਪਰਸੂਰਾਮ ਜੈਯੰਤੀ ਦੀ ਪੰਜਾਬ ਸਰਕਾਰ ਵੱਲੋਂ ਛੁੱਟੀ ਘੋਸ਼ਿਤ ਕੀਤੀ ਗਈ ਹੈ ਪਰ ਉਸ ਦਿਨ ਨਾਮਜ਼ਦਗੀ ਕਾਗਜ਼ ਲਏ ਜਾਣਗੇ। ਰਿਟਰਨਿੰਗ ਅਫ਼ਸਰ, 01 ਲੋਕ ਸਭਾ ਹਲਕਾ ਗੁਰਦਾਸਪੁਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਇਸ ਬਾਬਤ ਸਾਰੀਆਂ ਪਾਰਟੀਆਂ ਦੇ ਪ੍ਰਤੀਨਿਧੀਆਂ ਨੂੰ ਜਾਣੂ ਕਰਵਾ ਦਿੱਤਾ ਗਿਆ ਹੈ। ਉਨਾਂ ਦੱਸਿਆ ਕਿ ਕੋਈ ਵੀ ਉਮੀਦਵਾਰ ਕਾਗਜ਼ ਦਾਖਲ ਕਰਵਾਉਣ ਮੌਕੇ ਆਪਣੇ ਸਮੇਤ 5 ਵਿਅਕਤੀਆਂ ਤੋਂ ਵੱਧ ਕਿਸੇ ਨੂੰ ਨਾਲ ਲੈ ਕੇ ਜ਼ਿਲ੍ਹਾ ਚੋਣ ਅਧਿਕਾਰੀ ਦੇ ਦਫ਼ਤਰ ਦੇ 100 ਮੀਟਰ ਘੇਰੇ ਦੇ ਅੰਦਰ ਨਹੀਂ ਆ ਸਕਦੇ। ਉਨਾਂ ਦੱਸਿਆ ਕਿ ਇਸ ਵਾਰ ਗੁਰਦਾਸਪੁਰ ਲੋਕ ਸਭਾ ਹਲਕੇ ਵਿੱਚ 1614387 ਵੋਟਰ ਆਪਣੇ ਵੋਟ ਹੱਕ ਦੀ ਵਰਤੋਂ ਕਰਨਗੇ, ਜਿੰਨਾਂ ਵਿਚ 8427-73 ਮਰਦ ਅਤੇ 749113 ਔਰਤਾਂ, 37 ਟਰਾਂਸਜੇਡਰ ਵੋਟਰ ਅਤੇ 22464 ਸਰਵਿਸ ਵੋਟਰ ਸ਼ਾਮਿਲ ਹਨ। ਰਿਟਰਨਿੰਗ ਅਫ਼ਸਰ, 01 ਲੋਕ ਸਭਾ ਹਲਕਾ ਗੁਰਦਾਸਪੁਰ ਨੇ ਦੱਸਿਆ ਕਿ 15 ਮਈ ਨੂੰ ਨਾਮਜ਼ਦਗੀ ਕਾਗਜ਼ਾਂ ਦੀ ਪੜਤਾਲ ਹੋਵੇਗੀ ਅਤੇ 17 ਮਈ ਨੂੰ ਬਾਅਦ ਦੁਪਹਿਰ 3:00 ਵਜੇ ਤੱਕ ਉਮੀਦਵਾਰ ਆਪਣੇ ਕਾਗਜ਼ ਵਾਪਸ ਲੈ ਸਕਣਗੇ। ਉਨ੍ਹਾਂ ਕਿਹਾ ਕਿ ਵੋਟਾਂ 1 ਜੂਨ ਨੂੰ ਸਵੇਰੇ 7:00 ਵਜੇ ਤੋਂ ਸ਼ਾਮ 6:00 ਵਜੇ ਤੱਕ ਪੈਣਗੀਆਂ ਤੇ ਗਿਣਤੀ 4 ਜੂਨ ਨੂੰ ਹੋਵੇਗੀ। ਇਸ ਮੌਕੇ ਉਨਾਂ ਦੱਸਿਆ ਕਿ ਉਮੀਦਵਾਰ 95 ਲੱਖ ਰੁਪਏ ਤੱਕ ਚੋਣ ਖਰਚਾ ਕਰ ਸਕਣਗੇ ਅਤੇ ਨਾਮਜ਼ਦਗੀ ਫੀਸ ਜਨਰਲ ਲਈ 25 ਹਜ਼ਾਰ ਰੁਪਏ ਤੇ ਰਿਜ਼ਰਵ ਕੈਟਾਗਰੀ ਲਈ 12.5 ਹਜ਼ਾਰ ਰੁਪਏ ਹੋਵੇਗੀ। ਉਨਾਂ ਕਿਹਾ ਕਿ 85 ਸਾਲ ਤੋਂ ਵੱਧ ਉਮਰ ਅਤੇ ਦਿਵਆਂਗ ਵੀ ਘਰ ਬੈਠੇ ਆਪਣੀ ਵੋਟ ਦੀ ਵਰਤੋਂ ਕਰ ਸਕਣਗੇ।

# ਮਾਮਲਾ ਜਮਾਲਪੁਰ ਸਬਜ਼ੀ ਮੰਡੀ 'ਚ ਠੇਕੇਦਾਰ ਵੱਲੋਂ ਫ਼ੜੀ ਧਰਕਾ ਤੋਂ ਓਵਰ ਚਾਰਜਿੰਗ ਕਰਨ ਦਾ







ਲੁਧਿਆਣਾ, ਲੋਕ ਬਾਣੀ (ਸੁਖਚੈਨ ਮਹਿਰਾ) ਮਹਾਨਗਰ ਦੀ ਸਰਕਾਰੀ ਸਬਜ਼ੀ ਮੰਡੀ ਚ ਪਹਿਲਾਂ ਵੀ ਕਈ ਤਰ੍ਹਾਂ ਦੀਆਂ ਵਾਧੂ ਵਸੂਲੀਆਂ ਹੋਣ ਦੇ ਮਾਮਲੇ ਸਾਮਣੇ ਆ ਚੁੱਕੇ ਹਨ। ਅਜਿਹਾ ਹੀ ਇਕ ਨਵਾਂ ਮਾਮਲਾ ਜਮਾਲਪੁਰ ਸਬਜ਼ੀ ਮੰਡੀ ਦਾ ਸਾਹਮਣੇ ਆਇਆ ਹੈ ਜਿੱਥੇ ਕਿ ਮੰਡੀ ਦੇ ਫੜੀਧਾਰਕਾਂ ਨੇ ਠੇਕੇਦਾਰ ਤੇ ਆਰੋਪ ਲਗਾਉਂਦੇ ਹੋਏ ਦੱਸਿਆ ਹੈ ਕਿ ਫੜੀ ਧਾਰਕਾਂ ਤੋਂ ਠੇਕੇਦਾਰ ਵੱਲੋਂ ਆਪਣੀਆਂ ਟੇਬਲ, ਛਤਰੀਆਂ ਦੇਣ ਦੇ ਬਦਲੇ ਸਰਕਾਰੀ ਰੇਟ ਨਾਲੋਂ ਵੱਧ ਵਸੂਲੀ ਕੀਤੀ ਜਾ ਰਹੀ ਹੈ। ਜਦ ਕੋਈ ਫੜੀਧਾਰਕ ਇਸ ਗੱਲ ਦਾ ਵਿਰੋਧ ਕਰਦਾ ਹੈ ਤਾਂ ਠੇਕੇਦਾਰ ਵੱਲੋਂ ਉਸਨੂੰ ਮੰਡੀ ਵਿੱਚ ਫੜੀ ਨਹੀਂ ਲਗਾਨ ਦਿੱਤੀ ਜਾਂਦੀ ਜਿਸ ਕਾਰਨ ਫੜੀਧਾਰਕਾਂ ਨੂੰ ਮਜ਼ਬੂਰਨ ਲੁੱਟ ਦਾ ਸ਼ਿਕਾਰ ਹੋਣਾ ਪੈ ਰਿਹਾ ਹੈ। ਇਥੇ ਇਹ ਵੀ ਦੱਸਣਾ ਬਣਦਾ ਹੈ ਕਿ ਜਦ ਮੀਡੀਆ ਕਰਮੀਆਂ ਨੇ ਮੰਡੀ ਦਾ ਦੌਰਾ ਕੀਤਾ ਤਦ ਮੰਡੀ ਅੰਦਰ ਮੌਜੂਦ ਫੜੀ ਧਾਰਕਾਂ ਨੇ ਦੱਸਿਆ ਕਿ ਮੰਡੀ ਚ ਲਾਈਟ, ਪਾਣੀ, ਸਫਾਈ, ਪਾਰਕਿੰਗ ਤਕ ਦੇ ਪੈਸੇ ਰੋਜਾਨਾ ਆਪਣੀ ਜ਼ੇਬ ਵਿੱਚੋਂ ਦਿੰਦੇ ਹਨ ਜਦਕਿ ਸਰਕਾਰ ਵੱਲੋਂ ਠੇਕੇਦਾਰ ਨੂੰ ਇਹ ਸਾਰੀਆਂ ਸੁਵਿਧਾਵਾਂ ਦੇਣ ਦਾ ਠੇਕਾ ਦਿੱਤਾ ਹੋਇਆ ਹੈ ਅਤੇ ਮਾਰਕੀਟ ਕਮੇਟੀ ਦੇ ਮੁਲਾਜ਼ਮਾਂ ਵੱਲੋਂ ਫੜੀ ਧਾਰਕਾਂ ਦੀ 50 ਰੁਪਏ ਦੀ ਪਰਚੀ ਵੀ ਕੱਟੀ ਜਾਂਦੀ ਹੈ। ਪੀੜਿਤ ਫੜੀਧਾਰਕਾਂ ਨੇ ਮਾਰਕੀਟ ਕਮੇਟੀ ਦੇ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਅਜਿਹੇ ਠੇਕੇਦਾਰ ਦਾ ਠੇਕਾ ਰੱਦ ਕੀਤਾ ਜਾਵੇ ਅਤੇ ਸਾਰੇ ਫੜੀ ਧਾਰਕਾਂ ਨੂੰ ਪਹਿਲੇ ਵਾਂਗ ਲਾਈਟ, ਪਾਣੀ, ਸਫ਼ਾਈ, ਪਾਰਕਿੰਗ ਅਤੇ ਹੋਰ ਜਰੂਰੀ ਸੁਵਿਧਾਵਾਂ ਦਿੱਤੀਆਂ ਤਾਂ ਕਿ ਫੜੀ ਧਾਰਕ ਆਪਣਾ ਕੰਮ ਕਾਜ ਵਧੀਆ ਤਰੀਕੇ ਨਾਲ ਚਲਾ ਸਕਣ। ਜਦ ਇਹ ਸਾਰਾ ਮਾਮਲਾ ਮਾਰਕੀਟ ਕਮੇਟੀ ਦੇ ਸਕੱਤਰ ਵਿਨੋਦ ਸ਼ਰਮਾ ਦੇ ਧਿਆਨ ਵਿੱਚ ਲਿਆਂਦਾ ਗਿਆ ਤਦ ਉਨਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਅਜੇ ਤੱਕ ਠੇਕੇਦਾਰ ਦੇ ਖਿਲਾਫ ਕਿਸੇ ਤਰ੍ਹਾਂ ਦੀ ਵੀ ਕੋਈ ਸ਼ਿਕਾਇਤ ਉਹਨਾਂ ਕੋਲ ਨਹੀਂ ਪਹੁੰਚੀ ਹੈ ਪਰ ਹੁਣ ਇਹ ਸਾਰਾ ਮਾਮਲਾ ਮੀਡੀਆ ਰਾਹੀਂ ਉਹਨਾਂ ਦੇ ਧਿਆਨ ਵਿੱਚ ਆਇਆ ਹੈ ਜੇਕਰ ਠੇਕੇਦਾਰ ਨਿਯਮਾਂ ਦੇ ਖਿਲਾਫ ਕੰਮ ਕਰਦਾ ਪਾਇਆ ਗਿਆ ਤਦ ਠੇਕੇਦਾਰ ਦੇ ਖਿਲਾਫ ਬਣਦੀ ਹੋਈ ਵਿਭਾਗੀ ਕਾਰਵਾਈ ਕੀਤੀ ਜਾਏਗੀ।

# ਪਾਰਲੀਮਾਨੀ ਚੋਣਾਂ ਮੌਕੇ ਸੁਆਲ ਨਾਮੇ ਰਾਂਹੀ ਮਨੁੱਖੀ ਅਤੇ ਜਮਹੂਰੀ ਹੱਕਾਂ ਦੇ ਮਸਲੇ ਉਭਾਰਨ ਦਾ ਸੱਦਾ - ਜਮਹੂਰੀ ਅਧਿਕਾਰ ਸਭਾ ਪੰਜਾਬ



ਗੁਰਦਾਸਪੁਰ ਲੋਕ ਬਾਣੀ ਨਵਨੀਤ ਕੁਮਾਰ - ਹਾਕਮ ਜਮਾਤੀ ਪਾਰਟੀਆਂ ਵਿਸ਼ੇਸ਼ ਕਰਕੇ ਭਾਜਪਾ ਵੱਲੋਂ ਆਪਣੇ ਸ਼ਾਸਨ ਕਾਲ ਦੋਰਾਨ ਲੋਕ ਵਿਰੋਧੀ, ਕਾਰਪੋਰੇਟ ਪੱਖੀ ਨੀਤੀਆਂ ਅਤੇ ਫਿਰਕੂ ਫਾਸ਼ੀ ਕਦਮਾਂ ਨਾਲ ਮਨੁੱਖੀ ਅਤੇ ਜਮਹੂਰੀ ਹੱਕਾਂ ਦੇ ਕੀਤੇ ਘਾਣ ਦੀ ਇਹਨਾਂ ਪਾਰਟੀਆਂ ਤੇ ਉਮੀਦਵਾਰਾਂ ਤੋਂ ਜਵਾਹਦੇਹੀ ਮੰਗਣੀ ਲੋਕਾਂ ਦਾ ਜਮਹੂਰੀ ਹੱਕ ਹੈ। ਇਹ ਗੱਲ ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਪ੍ਰਧਾਨ ਪ੍ਰੋ ਜਗਮੋਹਨ ਸਿੰਘ, ਜਨਰਲ ਸਕੱਤਰ ਪ੍ਰਿਤਪਾਲ ਸਿੰਘ ਅਤੇ ਪ੍ਰੈਸ ਸਕੱਤਰ ਅਮਰਜੀਤ ਸਾਸ਼ਤਰੀ ਨੇ ਸਭਾ ਵੱਲੋਂ ਸਾਰੀਆਂ ਹਾਕਮ ਜਮਾਤੀ ਪਾਰਟੀਆਂ ਵਿਸ਼ੇਸ਼ ਕਰਕੇ ਭਾਜਪਾ ਦੇ ਨਾਮ ਤਿਆਰ ਕੀਤਾ ਸਵਾਲਨਾਮਾ ਜਾਰੀ ਕਰਦੇ ਸਮੇਂ ਕਹੀ। ਸੰਵਿਧਾਨ ਦੇ ਨੀਤੀ ਨਿਰਦੇਸ਼ਾਂ ਮੁਤਾਬਕ ਸਰਕਾਰਾਂ ਨੇ ਸਮਾਜ ਅੰਦਰ ਨਾਬਰਾਬਰੀ ਘਟਾਉਣ ਵਾਲੀਆਂ ਨੀਤੀਆਂ ਲਾਗੂ ਕਰਨੀਆਂ ਹਨ ਪਰ ਸਾਰੇ ਰੰਗਾਂ ਦੀਆਂ ਸਰਕਾਰਾਂ ਦੇ ਕਾਰਜਕਾਲ, ਵਿਸ਼ੇਸ਼ ਕਰਕੇ 1991 ਦੇ ਨਵੀਆਂ ਆਰਥਕ ਨੀਤੀਆਂ ਨਾਲ ਇਹ ਨਾਬਰਾਬਰੀ ਹੋਰ ਵਧੀ ਹੈ। ਭਾਜਪਾ ਦੇ ਪਿਛਲੇ ਦਸ ਸਾਲ ਦੇ ਰਾਜਕਾਲ ਦੌਰਾਨ ਜਿੱਥੇ ਇਹ ਗੈਰ ਬਰਾਬਰੀ ਤੇਜ਼ੀ ਨਾਲ ਵਧੀ ਉੱਥੇ ਲੋਕਾਂ ਦਾ ਧਿਆਨ ਇਸ ਵੱਲੋਂ ਤਿਲਕਾਉਣ ਲਈ ਨਫਰਤੀ ਭਾਸ਼ਣਾਂ, ਮੁਸਲਾਮਾਨਾਂ ਅਤੇ ਇਸਾਈਆਂ ਖਿਲਾਫ ਹਿੰਸਾ ਰਾਹੀਂ ਫਿਰਕੂ ਪਾਲਾਬੰਦੀ ਸਿਖਰ ਉੱਤੇ ਪਹੁੰਚਾ ਦਿੱਤੀ ਗਈ। ਸੰਵਿਧਾਨਕ ਸੰਸਥਾਵਾਂ ਦਾ ਫਿਰਕੂਕਰਣ ਕਰ ਦਿੱਤਾ। ਦਲਿਤਾਂ ਅਤੇ ਔਰਤਾਂ ਉਪਰ ਅਥਾਹ ਜਬਰ ਕੀਤਾ ਗਿਆ, ਕਿਰਤੀਆਂ ਦੇ ਹੱਕ ਖੋਂਹਦੇ ਕਿਰਤ ਕੋਡ ਲਾਗੂ ਕੀਤੇ ਗਏ, ਮਨਰੇਗਾ ਦਾ ਬਜਟ ਘਟਾਇਆ ਗਿਆ। ਕਿਸਾਨ ਅੰਦੋਲਨ ਕਾਰਨ ਭਾਵੇਂ ਖੇਤੀ ਸੈਕਟਰ ਵਿੱਚ ਲਿਆਂਦੇ ਤਿੰਨ ਕਾਲੇ ਕਾਨੂੰਨ ਵਾਪਸ ਲੈਣੇ ਪਏ ਸਨ ਪਰ ਕਿਸਾਨਾਂ ਦੀਆ ਮੰਨੀਆਂ ਹੋਈਆਂ ਮੰਗਾਂ ਲਾਗੂ ਨਹੀਂ ਕੀਤੀਆਂ। ਵਿੱਦਿਆ, ਸਿਹਤ ਅਤੇ ਜਨ ਸਿਹਤ ਅਤੇ ਪਬਲਿਕ ਅਦਾਰਿਆਂ ਦਾ ਨਿੱਜੀਕਰਨ ਕਰਕੇ ਸਿਹਤ ਵਿੱਦਿਆ ਅਤੇ ਪੱਕਾ ਰੁਜਗਾਰ ਖੋਹ ਲਿਆ ਗਿਆ। 1.5 ਕਰੋੜ ਨੌਕਰੀਆਂ ਦੇ ਝੂਠੇ ਵਾਅਦੇ ਕੀਤੇ ਗਏ, ਪੱਤਰਕਾਰਾਂ, ਬੁੱਧੀਜੀਵੀਆਂ ਉਪਰ ਕਾਲੇ ਕਾਨੂੰਨ ਮੜ੍ਹਕੇ ਉਨ੍ਹਾਂ ਨੂੰ ਸਾਲਾਂ ਬੱਧੀ ਬਿਨਾਂ ਮੁਕੱਦਮਾ ਚਲਾਏ ਜੇਲਾਂ ਅੰਦਰ ਸੁੱਟਿਆ ਗਿਆ। ਇਨਸਾਫ ਮੰਗਣ ਨੂੰ ਅਪਰਾਧ ਕਰਾਰ ਦਿੱਤਾ ਗਿਆ। ਭਾਜਪਾ, ਕਾਂਗਰਸ, ਆਪ, ਅਕਾਲੀ ਅਤੇ ਖੇਤਰੀ ਪਾਰਟੀਆਂ ਕਾਰਪੋਰੇਟ ਪੱਖੀ ਨਿੱਜੀਕਰਨ, ਸੰਸਾਰੀਕਰਨ ਅਤੇ ਉਦਾਰੀਕਰਨ ਦੀਆਂ ਨੀਤੀਆਂ ਲਾਗੂ ਕਰ ਰਹੀਆਂ ਹਨ। ਉਹਨਾ ਕੋਲ ਵੱਖਰੀਆਂ ਆਰਥਿਕ ਨੀਤੀਆਂ ਨਹੀਂ ਹਨ। ਸੰਵਿਧਾਨ ਵਿੱਚੋਂ ਲੋਕ ਵਿਰੋਧੀ ਕਾਲੇ ਕਾਨੂੰਨ ਆਦਿ ਖਤਮ ਕਰਨ ਦੀ ਬਜਾਏ ਇਸਨੂੰ ਮਨੂਵਾਦੀ, ਫਾਸ਼ੀਵਾਦੀ ਬਨਾਉਣ ਵੱਲ ਵਧਿਆ ਜਾ ਰਿਹਾ ਹੈ। ਸਭਾ ਨੇ ਸਭ ਇਨਸਾਫ, ਲੋਕਾਂ ਦੇ ਬੁਨਿਆਦੀ ਮਸਲਿਆਂ ਨਾਲ ਸਰੋਕਾਰ ਰੱਖਣ ਵਾਲੇ ਬੁੱਧੀਜੀਵੀਆਂ, ਸੰਘਰਸ਼ੀਲ ਜਥੇਬੰਦੀਆਂ ਨੂੰ ਸੱਦਾ ਦਿੱਤਾ ਹੈ ਕਿ ਉਹ ਸਭਾ ਦੇ ਸਵਾਲਨਾਮੇ ਨੂੰ ਸਾਹਮਣੇ ਰੱਖਦੇ ਹੋਏ ਪਾਰਲੀਮਾਨੀ ਚੋਣਾਂ ਦੌਰਾਨ ਇਹਨਾਂ ਪਾਰਟੀਆਂ ਵਿਸ਼ੇਸ਼ ਕਰਕੇ ਭਾਜਪਾ ਦੀ ਕਾਰਗੁ?ਜ਼ਾਰੀ, ਕੀਤੇ ਵਾਅਦਿਆਂ ਸਬੰਧੀ ਵੋਟਾਂ ਲਈ ਆ ਰਹੇ ਉਮੀਦਵਾਰਾਂ ਤੋਂ ਜਵਾਬਦੇਹੀ ਮੰਗਣ ਅਤੇ ਇਹਨਾ ਦੇ ਖਾਸੇ ਬਾਰੇ ਆਪਣੀ ਚੇਤਨਾ ਨੂੰ ਹੋਰ ਪ੍ਰਪੱਕ ਕਰਕੇ ਆਪਣੇ ਬੁਨਿਆਦੀ ਮਸਲਿਆਂ ਦੇ ਹੱਲ ਤਲਾਸ਼ਣ ਦੇ ਪੰਧ ਬਾਰੇ ਜਾਗਰੂਕ ਹੋਣ।

# ਨਿਰਮਲ ਰੋਸ਼ਨ ਸਾਹਿਤਕ ਮੰਚ ਨਿਊਯਾਰਕ ਵੱਲੋਂ ਮਾਂ ਦਿਵਸ ਅੰਤਰਰਾਸ਼ਟਰੀ ਕਾਵਯ ਗੋਸ਼ਠੀ ਆਯੋਜਿਤ



ਅਮੁਲਿਆ, ਚੰਡੀਗੜ੍ਹ। ਨਿਰਮਲ ਰੋਸ਼ਨ ਸਾਹਿਤਕ ਮੰਚ ਨਿਊਯਾਰਕ, ਅਮਰੀਕਾ ਨੇ ਭਾਰਤ, ਲੰਡਨ ਅਤੇ ਅਮਰੀਕਾ ਦੇ ਉੱਘੇ ਕਵੀਆਂ ਨਾਲ ਮਾਂ ਦਿਵਸ ਅੰਤਰਰਾਸ਼ਟਰੀ ਕਾਵ?ਯ ਗੋਸ਼ਠੀ ਆਯੋਜਿਤ ਕੀਤੀ ਗਈ। ਇਹ ਨਿਰਮਲ ਰੋਸ਼ਨ ਸਾਹਿਤਕ ਮੰਚ ਅਮਰੀਕਾ ਦਾ ਮਹੀਨਾਵਾਰ ਸਾਹਿਤਕ ਪ੍ਰੋਗਰਾਮ ਸੀ। ਸੁਸ਼ਮਾ ਮਲਹੋਤਰਾ ਈਵੈਂਟ ਦੀ ਕੋਆਰਡੀਨੇਟਰ ਅਤੇ ਸੰਚਾਲਕ ਸੀ, ਇਸ ਪ੍ਰੋਗਰਾਮ ਨੂੰ ਜ਼ੂਮ ਅਤੇ ਫੇਸਬੁੱਕ 'ਤੇ ਲਾਈਵ ਸਟ੍ਰੀਮ ਕੀਤਾ ਗਿਆ ਸੀ। ਇਸ ਪ੍ਰੋਗਰਾਮ ਵਿੱਚ ਚੰਡੀਗੜ੍ਹ ਤੋਂ ਡਾ: ਵਿਨੋਦ ਕੁਮਾਰ ਸ਼ਰਮਾ, ਦਿੱਲੀ ਤੋਂ ਡਾ: ਮਾਧੁਰੀ ਸੁਬੋਧ, ਵਰਜੀਨੀਆ ਤੋਂ ਡਾ: ਆਸਥਾ ਨਵਲ, ਨਿਊਯਾਰਕ ਤੋਂ ਮਧੂ ਸ਼ਰਮਾ, ਲੰਡਨ ਤੋਂ ਆਸ਼ੂਤੋਸ਼ ਕੁਮਾਰ, ਰਾਏਪੁਰ ਛੱਤੀਸਗੜ੍ਹ ਤੋਂ ਡਾ: ਅਨੁਸੂਆ ਅਗਰਵਾਲ, ਜੈਪੁਰ ਤੋਂ ਰੇਣੂ ਸ਼ਬਦਮੁਖਰ ਨੇ ਭਾਗ ਲਿਆ ਸੁਸ਼ਮਾ ਮਲਹੋਤਰਾ ਨੇ ਗਣੇਸ਼ ਵੰਦਨਾ ਅਤੇ ਫਿਰ ਸਰਸਵਤੀ ਵੰਦਨਾ ਦੇ ਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਅਤੇ ਕਵੀਆਂ ਨੂੰ ਆਪਣੀਆਂ ਰਚਨਾਵਾਂ ਪੇਸ਼ ਕਰਨ ਲਈ ਸੱਦਾ ਦਿੱਤਾ। ਆਪਣੀ ਪੇਸ਼ਕਾਰੀ ਦੌਰਾਨ ਮੁੱਖ ਮਹਿਮਾਨ ਡਾ: ਵਿਨੋਦ ਕੁਮਾਰ ਨੇ ਸਟੇਜ ਦੀ ਸ਼ਲਾਘਾ ਕਰਦਿਆਂ ਆਪਣੀ ਕਵਿਤਾ ਸੁਣਾਈ ? ਉਨ੍ਹਾਂ ਦੇ ਕਾਵਿ ਪਾਠ ਤੋਂ ਬਾਅਦ ਪ੍ਰਧਾਨ ਡਾ: ਮਾਧੁਰੀ ਸੁਬੋਧ ਨੇ ਸੁਸ਼ਮਾ ਮਲਹੋਤਰਾ ਜੀ ਨੂੰ ਆਪਣੀਆਂ ਰਚਨਾਵਾਂ ਪੇਸ਼ ਕਰਨ ਲਈ ਕਿਹਾ। ਆਪਣੀ ਪੇਸ਼ਕਾਰੀ ਤੋਂ ਬਾਅਦ ਸੁਸ਼ਮਾ ਨੇ ਡਾ: ਮਾਧੁਰੀ ਸੁਬੋਧ ਜੀ ਨੂੰ ਆਪਣੀਆਂ ਕਵਿਤਾਵਾਂ ਪੜ੍ਹਨ ਲਈ ਸੱਦਾ ਦਿੱਤਾ। ਪ੍ਰਧਾਨ ਮਾਧੁਰੀ ਨੇ ਹਰੇਕ ਕਵੀ ਦੇ ਕਾਵਿ ਪਾਠ ਦੀ ਸ਼ਲਾਘਾ ਕੀਤੀ ਅਤੇ ਆਪਣੀਆਂ ਦੋ ਰਚਨਾਵਾਂ ਪੇਸ਼ ਕੀਤੀਆਂ। ਆਪਣੇ ਕਵਿਤਾ ਪਾਠ ਤੋਂ ਬਾਅਦ ਸੁਸ਼ਮਾ ਮਲਹੋਤਰਾ ਨੇ ਸਾਰੇ ਪ੍ਰਤੀਯੋਗੀਆਂ ਦਾ ਧੰਨਵਾਦ ਕਰਦਿਆਂ ਪ੍ਰੋਗਰਾਮ ਦੀ ਸਮਾਪਤੀ ਕੀਤੀ।

# ਆਗੂਆਂ ਦੀ ਕਾਨਪੁਰ ਫੇਰੀ ਕਾਰਨ ਡਰਾਈਵਰਾਂ ਨੂੰ ਪ੍ਰੇਸ਼ਾਨੀ ਹੁੰਦੀ ਹੈ

**- ਅਖਿਲੇਸ਼ ਯਾਦਵ ਤੋਂ ਬਾਅਦ ਅੱਜ ਸੀਐਮ ਲਈ ਵੀ ਟਰੈਫਿਕ ਬਦਲਿਆ, - ਵੱਡੇ ਵਾਹਨ ਚਾਲਕ ਆਪਣੀ ਮੰਜ਼ਿਲ 'ਤੇ ਪਹੁੰਚਣ ਲਈ ਕਈ-ਕਈ ਕਿਲੋਮੀਟਰ ਦਾ ਸਫ਼ਰ ਤੈਅ ਕਰਨ ਲਈ ਮਜਬੂਰ ਹਨ**



**ਕਾਨਪੁਰ ਲੋਕ ਬਾਣੀ ਸੁਨੀਲ ਬਾਜਪਾਈ-** ਚੱਲ ਰਹੀਆਂ ਲੋਕ ਸਭਾ ਚੋਣਾਂ ਕਾਰਨ ਜ਼ਿਲ੍ਹੇ ਅੰਦਰ ਵੱਖ-ਵੱਖ ਸਿਆਸੀ ਪਾਰਟੀਆਂ ਭਾਜਪਾ, ਸਪਾ, ਬਸਪਾ ਅਤੇ ਕਾਂਗਰਸ ਦੇ ਆਗੂਆਂ ਦੇ ਦੌਰੇ ਚੱਲ ਰਹੇ ਹਨ, ਜਿਸ ਵਿੱਚ ਉਨ੍ਹਾਂ ਵੱਲੋਂ ਕੀਤੀਆਂ ਜਾ ਰਹੀਆਂ ਜਨਤਕ ਮੀਟਿੰਗਾਂ ਵੀ ਵਾਹਨ ਚਾਲਕਾਂ ਅਤੇ ਪੈਦਲ ਚੱਲਣ ਵਾਲਿਆਂ ਲਈ ਪ੍ਰੇਸ਼ਾਨੀ ਦਾ ਸਬੱਬ ਬਣ ਰਹੀਆਂ ਹਨ।

ਅੱਜ ਮੰਗਲਵਾਰ ਨੂੰ ਡਰਾਈਵਰਾਂ ਲਈ ਅਜਿਹੀ ਮੁਸੀਬਤ ਦਾ ਕਾਰਨ ਸਪਾ ਮੁਖੀ ਅਤੇ ਯੂਪੀ ਦੇ ਸਾਬਕਾ ਮੁੱਖ ਮੰਤਰੀ ਅਖਿਲੇਸ਼ ਯਾਦਵ ਵੱਲੋਂ ਅਕਬਰਪੁਰ ਤੋਂ ਗਠਜੋੜ ਦੇ ਉਮੀਦਵਾਰ ਰਾਜਾ ਰਾਮਪਾਲ ਦੇ ਸਮਰਥਨ ਵਿੱਚ ਰਾਮਾਇਪੁਰ ਵਿੱਚ ਕੀਤੀ ਗਈ ਜਨਸਭਾ ਸੀ।

ਅਖਿਲੇਸ਼ ਯਾਦਵ ਦੀ ਜਨ ਸਭਾ ਨੂੰ ਲੈ ਕੇ ਪ੍ਰਸ਼ਾਸਨ ਵੱਲੋਂ ਟਰੈਫਿਕ ਵਿੱਚ ਕੀਤੇ ਗਏ ਬਦਲਾਅ ਕਾਰਨ ਆਮ ਪੈਦਲ ਚੱਲਣ ਵਾਲਿਆਂ ਨੂੰ ਹੀ ਨਹੀਂ ਸਗੋਂ ਵੱਡੇ ਵਾਹਨ ਚਾਲਕਾਂ ਨੂੰ ਵੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਿਆ। ਇਨ੍ਹਾਂ ਵਿੱਚੋਂ ਵੱਡੇ ਵਾਹਨਾਂ ਦੇ ਡਰਾਈਵਰਾਂ ਨੂੰ ਆਪਣੀ ਮੰਜ਼ਿਲ 'ਤੇ ਪਹੁੰਚਣ ਲਈ ਕਈ ਕਿਲੋਮੀਟਰ ਵਾਧੂ ਸਫ਼ਰ ਕਰਨ ਲਈ ਮਜਬੂਰ ਹੋਣਾ ਪਿਆ।

ਲੋਕ ਸਭਾ ਚੋਣਾਂ ਲਈ ਉਮੀਦਵਾਰਾਂ ਦੇ ਸਮਰਥਨ 'ਚ ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੇਤਾਵਾਂ ਦੀਆਂ ਰੈਲੀਆਂ ਅਤੇ ਜਨਤਕ ਮੀਟਿੰਗਾਂ ਦੇ ਇਸੇ ਸਿਲਸਿਲੇ 'ਚ ਬੁੱਧਵਾਰ ਨੂੰ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਅਕਬਰਪੁਰ 'ਚ ਲੋਕ ਸਭਾ ਉਮੀਦਵਾਰ ਦੇਵੇਂਦਰ ਸਿੰਘ ਭੋਲੇ ਦੇ ਹੱਕ 'ਚ ਜਨ ਸਭਾ ਕਰਨਗੇ। ਕਾਨਪੁਰ ਦੇ ਘਾਟਮਪੁਰ ਦਾ ਪਤਾਰਾ ਕਸਬਾ। ਸੀਐਮ ਯੋਗੀ ਦੇ ਇਸ ਪ੍ਰੋਗਰਾਮ ਕਾਰਨ ਕਾਨਪੁਰ ਨੌਬਸਤਾ ਤੋਂ ਹਮੀਰਪੁਰ ਹਾਈਵੇ ਘਾਟਮਪੁਰ ਤੱਕ ਟ੍ਰੈਫਿਕ ਡਾਇਵਰਸ਼ਨ ਵੀ ਕੀਤਾ ਗਿਆ ਹੈ।

ਤੁਹਾਨੂੰ ਦੱਸ ਦੇਈਏ ਕਿ ਰਾਮਾਈਪੁਰ ਖੇਤਰ ਜਿੱਥੇ ਮੰਗਲਵਾਰ ਨੂੰ ਸਪਾ ਮੁਖੀ ਅਖਿਲੇਸ਼ ਯਾਦਵ ਦੀ ਇਹ ਜਨ ਸਭਾ ਆਯੋਜਿਤ ਕੀਤੀ ਗਈ ਸੀ, ਉਹ ਬਿਠੂਰ ਵਿਧਾਨ ਸਭਾ ਖੇਤਰ ਵਿੱਚ ਪੈਂਦਾ ਹੈ। ਇਸ ਜਨਤਕ ਰੈਲੀ ਕਾਰਨ ਹਮੀਰਪੁਰ ਰੋਡ 'ਤੇ ਟਰੈਫਿਕ ਵਿਵਸਥਾ ਵਿੱਚ ਬਦਲਾਅ ਕੀਤਾ ਗਿਆ। ਇਹ ਬਦਲਾਅ ਅੱਜ ਮੰਗਲਵਾਰ ਸਵੇਰੇ 6 ਵਜੇ ਤੋਂ ਬਾਅਦ ਦੁਪਹਿਰ 3 ਵਜੇ ਤੱਕ ਲਾਗੂ ਰਿਹਾ। ਇਸ ਦੌਰਾਨ ਘਾਟਮਪੁਰ ਵਾਲੇ ਪਾਸੇ ਤੋਂ ਕੋਈ ਵੀ ਭਾਰੀ ਵਾਹਨ ਨੌਬਸਤਾ ਵੱਲ ਨਹੀਂ ਆ ਸਕਿਆ।

ਅਜਿਹੇ ਵਾਹਨ ਚੌਧਰੀ, ਮੂਸਾਨਗਰ ਰਾਹੀਂ ਆਪਣੀ ਮੰਜ਼ਿਲ 'ਤੇ ਪਹੁੰਚ ਸਕਦੇ ਹਨ। ਇਸੇ ਤਰ੍ਹਾਂ ਨੌਬਸਤਾ ਤੋਂ ਘਾਤਮਪੁਰ ਵੱਲ ਜਾਣ ਵਾਲੇ ਭਾਰੀ ਵਾਹਨਾਂ ਨੂੰ ਘਾਟਮਪੁਰ ਵੱਲ ਨਹੀਂ ਜਾਣ ਦਿੱਤਾ ਗਿਆ। ਇਸ ਟਰੈਫਿਕ ਡਾਇਵਰਸ਼ਨ ਦੇ ਦੂਜੇ ਪੁਆਇੰਟ ਅਨੁਸਾਰ ਰਮਾਦੇਵੀ ਤੋਂ ਸਿੱਧੇ ਘਾਟਮਪੁਰ ਵਾਇਆ ਸਚਾਂਦੀ, ਭੋਗਨੀਪੁਰ, ਮੂਸਾਨਗਰ ਵੱਲ ਵਾਹਨਾਂ ਨੂੰ ਰਵਾਨਾ ਕੀਤਾ ਗਿਆ। ਅਤੇ ਅੱਜ ਭਾਜਪਾ ਉਮੀਦਵਾਰ ਦੇਵੇਂਦਰ ਸਿੰਘ ਭੋਲੇ ਦੇ ਸਮਰਥਨ ਵਿੱਚ ਪਾਤੜਾ, ਘਾਟਮਪੁਰ ਵਿੱਚ ਹੋਣ ਵਾਲੀ ਮੁੱਖ ਮੰਤਰੀ ਯੋਗੀ ਅਦਿੱਤਿਆਨਾਥ ਦੀ ਜਨ ਸਭਾ ਲਈ ਟ੍ਰੈਫਿਕ ਵਿੱਚ ਕੀਤੇ ਗਏ ਬਦਲਾਅ ਅਨੁਸਾਰ ਨੌਬਸਤਾ ਤੋਂ ਹਮੀਰਪੁਰ ਹਾਈਵੇਅ ਘਾਟਮਪੁਰ ਉੱਤੇ ਵੀ ਟਰੈਫਿਕ ਡਾਇਵਰਸ਼ਨ ਕਰ ਦਿੱਤਾ ਗਿਆ ਹੈ। ਦੂਜੇ ਪਾਸੇ ਮੁੱਖ ਮੰਤਰੀ ਦੀ ਆਮਦ ਦੀਆਂ ਤਿਆਰੀਆਂ ਲਈ ਪੁਲੀਸ ਤੇ ਪ੍ਰਸ਼ਾਸਨਿਕ ਅਧਿਕਾਰੀ ਵੀ ਪਸੀਨਾ ਵਹਾਉਂਦੇ ਨਜ਼ਰ ਆਏ। ਇਸ ਦੌਰਾਨ ਸੁਰੱਖਿਆ ਦੇ ਇੰਤਜ਼ਾਮ ਵੀ ਬਹੁਤ ਸਖ਼ਤ ਹੋਣਗੇ ਤਾਂ ਜੋ ਬੁੱਧਵਾਰ ਨੂੰ ਮੁੱਖ ਮੰਤਰੀ ਯੋਗੀ ਦੀ ਆਮਦ ਦੌਰਾਨ ਕੋਈ ਰੁਕਾਵਟ ਪੈਦਾ ਨਾ ਹੋ ਸਕੇ।

# ਸ੍ਰੀ ਸ਼ਾਦੀ ਲਾਲ ਆਂਗਰਾ ਮੈਮੋਰੀਅਲ ਸੁਸਾਇਟੀ ਦੀ ਕਿਸਾਨ ਹਵੇਲੀ ਵਿਖੇ ਹੋਈ ਮੀਟਿੰਗ



ਸ੍ਰੀ ਅਨੰਦਪੁਰ ਸਾਹਿਬ, ਲੋਕ ਬਾਣੀ (ਦਵਿੰਦਰਪਾਲ ਸਿੰਘ)- ਸ੍ਰੀ ਸ਼ਾਦੀ ਲਾਲ ਆਂਗਰਾ ਮੈਰੋਰੀਅਨ ਸੁਸਾਇਟੀ ਸ੍ਰੀ ਅਨੰਦਪੁਰ ਸਾਹਿਬ ਦੀ ਵਿਸ਼ੇਸ਼ ਇਕੱਤਰਤਾ ਅੱਜ ਸਥਾਨਕ ਕਿਸਾਨ ਹਵੇਲੀ ਵਿਖੇ ਹੋਈ । ਜਿਸ 'ਚ ਖ਼ੂਨਦਾਨ ਨਾਲ ਜੁੜੀਆਂ ਜਥੇਬੰਦੀਆਂ, ਸੰਸਥਾਵਾਂ ਅਤੇ ਯੂਥ ਕਲੱਬਾਂ ਦੇ ਨੁਮਾਇੰਦਿਆਂ ਨੇ ਭਰਵੀਂ ਸ਼ਮੂਲੀਅਤ ਕੀਤੀ । ਮੀਟਿੰਗ 'ਚ ਲੋਕ ਨਾਥ ਆਂਗਰਾ ਸੇਵਾ ਮੁਕਤ ਆਈ. ਜੀ. ਪੰਜਾਬ ਪੁਲਿਸ ਉਚੇਚੇ ਤੌਰ 'ਤੇ ਪਹੁੰਚੇ । ਮੀਟਿੰਗ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਬੁਲਾਰਿਆਂ ਨੇ ਸ੍ਰੀ ਸ਼ਾਦੀ ਲਾਲ ਆਂਗਰਾ ਮੈਮੋਰੀਅਲ ਸੁਸਾਇਟੀ ਵੱਲੋਂ ਸ਼ੁਰੂ ਕੀਤੇ ਸਮਾਜ ਸੇਵੀ ਕਾਰਜਾਂ ਲਈ ਸਲਾਘਾ ਕੀਤੀ । ਮੀਟਿੰਗ 'ਚ ਸੁਸਾਇਟੀ ਵੱਲੋਂ 4 ਅਗਸਤ, 2@24 ਨੂੰ ਸਥਾਨਕ ਭਾਈ ਜੈਤਾ ਜੀ ਸਿਵਲ ਹਸਪਤਾਲ ਵਿਖੇ ਖ਼ੂਨਦਾਨ ਕੈਂਪ ਲਗਾਉਣ ਦਾ ਫੈਸਲਾ ਕੀਤਾ ਗਿਆ । ਇਸ ਸਬੰਧੀ ਮੀਟਿੰਗ ਹਾਜਰ ਜਥੇਬੰਦੀਆਂ, ਯੂਥ ਕਲੱਬਾਂ ਅਤੇ ਹੋਰਨਾਂ ਦੀਆਂ ਡਿਊਟੀਆਂ ਲਗਾਈਆਂ ਗਈ । ਮੀਟਿੰਗ 'ਚ ਉਕਤ ਤੋਂ ਇਲਾਵਾ ਕਿਸਾਨ ਆਗੂ ਜੈਮਲ ਸਿੰਘ ਭੜੀ, ਮਾ. ਦਿਲਾਵਰ ਸਿੰਘ, ਵਿਕਾਸ ਸੋਨੀ, ਸੁਰਜੀਤ ਸਿੰਘ ਢੇਰ, ਡਾ. ਸੁਮੰਤ ਚੱਢਾ, ਦਵਿੰਦਰ ਕੌਂਸਲ, ਅਖਿਲ ਕੌਂਸਲ, ਕੇ. ਕੇ. ਬੇਦੀ, ਮੁਨੀਸ ਕੇਅਰਪਾਲ, ਦੀਪਕ ਆਂਗਰਾ, ਲਵਲੀ ਆਂਗਰਾ, ਮੁੱਖ ਅਧਿਆਪਕ ਅਰਵਿੰਦ ਸ਼ਰਮਾ, ਸਿਵ ਨਾਥ ਆਂਗਰਾ, ਰਾਣਾ ਬਖਤਾਵਰ ਸਿੰਘ, ਸਰਪੰਚ ਵਿਵੇਕ ਸ਼ਰਮਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਪਤਵੰਤੇ ਹਾਜਰ ਸਨ ।




publisher/chief Editor
Aman Mehra
lok bani (news Paper)
lokbani08@gmail.com
www.lokbani.com
mob:99155-94111

Head Office:
Lokbani Sangam complex,Milap chowk jalandhar
Mob. 99155-94111

ਮਾਲਕ, ਪ੍ਰਕਾਸ਼ਕ, ਪ੍ਰਿੰਟਰ ਤੇ ਸੰਪਾਦਕ ਅਮਨ ਮੇਹਰਾ ਨੇ 'ਲੋਕ ਬਾਣੀ' ਦਾ ਇਹ ਅੰਕ ਰਚਨਾ ਪ੍ਰਿੰਟਰ, ਰੇਲਵੇ ਰੋਡ ਜਲੰਧਰ (ਪੰਜਾਬ) ਤੋਂ ਛਪਵਾ ਕੇ ਦਫਤਰ 'ਲੋਕ ਬਾਣੀ' ਸੰਗਮ ਕੰਪਲੈਕਸ ਮਿਲਾਪ ਚੌਂਕ ਜਲੰਧਰ (ਪੰਜਾਬ) ਤੋਂ ਪ੍ਰਕਾਸ਼ਤ ਕੀਤਾ।
RNI. PUNPUN/29016/2008

मालिक, प्रकाशक, प्रिंटर व संपादक अमन मेहरा ने लोक बाणी का यह अंक रचना प्रिंटर, रेलवे रोड जलंधर ( पंजाब ) से छपवाकर दफ्तर लोक बाणी संगम कंपलेक्स मिलाप चौक जलंधर ( पंजाब ) से प्रकाशित किया।
RNI. PUNPUN/29016/2008

Editor, printers and publisher Aman Mehra, Printed at Rachna printers, Railwy Road Jalandhar (punjab) Office lokbani, Sangam complex Milap Chowk Jalandhar (punjab)
RNI. PUNPUN/29016/2008

# ਖਰੜ ਹਲਕੇ 'ਚ ਚੋਣ ਜਾਬਤੇ ਦੀ ਉਲੰਘਣਾ ਕਰਨ ਦੇ ਵੱਖ-ਵੱਖ ਪਾਰਟੀਆਂ ਨੂੰ ਨੋਟਿਸ ਜਾਰੀ:ਗੁਰਮੰਦਰ ਸਿੰਘ



ਖਰੜ,7 ਮਈ ਲੋਕ ਬਾਣੀ (ਕਾਲਾ ਸਿੰਘ ਸੈਣੀ)-ਲੋਕ ਸਭਾ ਚੋਣਾਂ ਨੂੰ ਲੈ ਕੇ ਚੋਣ ਕਮਿਸ਼ਨ ਵਲੋਂ ਚੋਣ ਜ਼ਾਬਤਾ ਸਖਤੀ ਨਾਲ ਲਾਗੂ ਕਰਨ ਲਈ ਵਿਧਾਨ ਸਭਾ ਹਲਕਾ ਖਰੜ ਵਿਚ ਵੱਖ-ਵੱਖ ਟੀਮਾਂ ਹਲਕੇ ਦੇ ਪੈਂਡੂ ਅਤੇ ਸ਼ਹਿਰ ਖੇਤਰ ਵਿਚ ਸਟੈਟਿੰਗ ਸਰਵਲੈਂਸ ਟੀਮ ਫਲਾਇੰਗ ਸੁਕੈਅਡ ਟੀਮ ਦਿਨ ਰਾਤ ਕੰਮ ਕਰ ਰਹੀਆਂ ਹਨ,ਟੀਮਾਂ ਵਲੋਂ ਉਨ੍ਹਾਂ ਦੇ ਦਫਤਰ ਨੂੰ ਰਿਪੋਰਟਾਂ ਪ੍ਰਾਪਤ ਹੁੰਦੀਆਂ ਹਨ ਉਨ੍ਹਾਂ ਤੇ ਤੁਰੰਤ ਕਾਰਵਾਈ ਕਰਦੇ ਹੋਏ ਚੋਣ ਜ਼ਾਬਤੇ ਦੀ ਉਲੰਘਣਾ ਕਰਨ ਤੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਉਮੀਦਵਾਰਾਂ ਨੂੰ ਨੋਟਿਸ ਭੇਜ ਕੇ ਜਵਾਬ ਮੰਗਿਆ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆ ਵਿਧਾਨ ਸਭਾ ਹਲਕਾ ਖਰੜ ਦੇ ਸਹਾਇਕ ਰਿਟਰਨਿੰਗ ਅਫਸਰ-ਕਮ-ਉਪ ਮੰਡਲ ਮੈਜਿਸਟ੍ਰੇਟ ਗੁਰਮੰਦਰ ਸਿੰਘ ਨੇ ਦਸਿਆ ਕਿ ਖਰੜ ਹਲਕੇ ਵਿਚ ਹੁਣ ਤੱਕ 17 ਰਿਪੋਰਟਾਂ ਚੋਣ ਜ਼ਾਬਤੇ ਦੀਆਂ ਉਲੰਘਣਾਂ ਕਰਨ ਸਬੰਧੀ ਪ੍ਰਾਪਤੀਆਂ ਹੋਈਆਂ ਸਨ। ਜਿਸ ਤੋਂ ਬਾਅਦ, ਆਮ ਆਦਮੀ ਪਾਰਟੀ ਨੂੰ 5, ਕਾਂਗਰਸ ਪਾਰਟੀ ਨੂੰ 2, ਸ਼੍ਰੋਮਣੀ ਅਕਾਲੀ ਦਲ ਨੂੰ 1 ਚੋਣ ਜ਼ਾਬਤੇ ਦੀ ਉਲੰਘਣਾ ਦੇ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਗਿਆ ਹੈ।ਉਨ੍ਹਾਂ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਉਮੀਦਵਾਰਾਂ ਨੂੰ ਹਦਾਇਤਾਂ ਜਾਰੀ ਕਰਦੇ ਹੋਏ ਕਿਹਾ ਕਿ ਉਹ ਚੋਣ ਕਮਿਸ਼ਨ ਦੀਆਂ ਚੋਣ ਜਾਬਤੇ ਵਿਚ ਰਹਿ ਕੇ ਚੋਣ ਪ੍ਰਚਾਰ ਕਰਨ।

# ਹਰ ਵੋਟਰ ਪਹਿਲੀ ਜੂਨ ਨੂੰ ਲੋਕਤੰਤਰ ਦੇ ਮਹਾਂਉਤਸਵ ਦਾ ਹਿੱਸਾ ਬਣੇ: ਡਾ: ਅਕਸ਼ਿਤਾ ਗੁਪਤਾ

ਸਹੀਦ ਭਗਤ ਸਿੰਘ ਨਗਰ ਲੋਕ ਬਾਣੀ 07 ਮਈ -ਸਬ ਡਵੀਜ਼ਨਲ ਮੈਜਿਸਟ੍ਰੇਟ ਨਵਾਂਸ਼ਹਿਰ ਡਾ: ਅਕਸ਼ਿਤਾ ਗੁਪਤਾ, ਕੇ ਸੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਨਵਾਂਸ਼ਹਿਰ ਵਿਖੇ ਵਿਧਾਨ ਸਭਾ ਪੱਧਰੀ ਸਵੀਪ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕੇ ਹਰੇਕ ਵੋਟ ਦੀ ਆਪਣੀ ਅਹਿਮੀਅਤ ਹੈ ਅਤੇ ਇੱਕ ਜੂਨ 2024 ਦਿਨ ਸ਼ਨੀਵਾਰ ਨੂੰ ਹਰੇਕ ਵੋਟ ਪੈਣ ਨਾਲ਼ ਦੁਨੀਆਂ ਦਾ ਸਭ ਤੋਂ ਵੱਡਾ ਲੋਕਤੰਤਰ ਹੋਰ ਮਜ਼ਬੂਤ ਹੋਵੇਗਾ।ਉਨ੍ਹਾਂ ਪ੍ਰੋਗਰਾਮ ਵਿੱਚ ਹਾਜ਼ਰ ਵਿਦਆਰਥੀਆਂ ਅਤੇ ਸਮੂਹ ਸਟਾਫ ਨੂੰ ਕਿਹਾ ਕਿ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦਾ ਕੋਈ ਵੀ ਵੋਟਰ ਵੋਟ ਪਾਉਣ ਤੋਂ ਰਹਿ ਨਾ ਜਾਵੇ, ਤੁਸੀਂ ਆਪਣੇ ਪਰਿਵਾਰ,ਆਂਢ-ਗਵਾਂਢ, ਗਲ਼ੀ-ਮੁਹੱਲੇ, ਰਿਸ਼ਤੇਦਾਰਾਂ ਨੂੰ ਵੋਟ ਪਾਉਣ ਲਈ ਪ੍ਰੇਰਿਤ ਕਰਨਾ ਹੈ ਤਾਂ ਕਿ ਇਸ ਬਾਰ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ, ਪਞੱਤਰ ਪਾਰ ਹੋ ਜਾਵੇ।ਉਨ੍ਹਾਂ ਕਿਹਾ ਕਿ ਜਿਲ੍ਹੇ ਦੇ ਸਕੂਲਾਂ ਕਾਲਜ਼ਾਂ ਅਤੇ ਤਕਨੀਕੀ ਅਦਾਰਿਆਂ ਵਿੱਚ ਸਵੀਪ ਗਤੀਵਿਧੀਆਂ ਬਹੁਤ ਤੇਜੀ ਨਾਲ਼ ਚੱਲ ਰਹੀਆਂ ਹਨ।ਇਨ੍ਹਾਂ ਸਵੀਪ ਗਤੀਵਿਧੀਆਂ ਦਾ ਮੁੱਖ ਮੰਤਵ ਹੈ ਕਿ ਵਿਦਆਰਥੀਆਂ ਨੂੰ ਲੋਕਤੰਤਰ ਨਾਲ਼ ਜੋੜਨਾ ਅਤੇ ਉਨ੍ਹਾਂ ਨੂੰ ਜਾਗਰੂਕ ਕਰਕੇ ਹੇਠਲੇ ਪੱਧਰ ਤੱਕ ਲੋਕਾਂ ਨੂੰ ਵੋਟ ਦੇ ਹੱਕ ਪ੍ਰਤੀ ਜਾਣੂੰ ਕਰਵਾਉਣਾ ਹੈ।ਵਿਧਾਨ ਸਭਾ ਪੱਧਰੀ ਸਵੀਪ ਨੋਡਲ ਅਫਸਰ ਰਾਜਿੰਦਰ ਕੁਮਾਰ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਇੱਕ-ਇੱਕ ਵੋਟ ਦੀ ਅਹਿਮੀਅਤ ਉਸ ਵਿਅਕਤੀ ਨੂੰ ਪਤਾ ਹੁੰਦੀ ਹੈ ਜਿਹੜਾ ਇੱਕ ਵੋਟ ਨਾਲ਼ ਜਿੱਤਿਆ ਜਾਂ ਹਾਰਿਆ ਹੁੰਦਾ ਹੈ। ਇਸ ਮੌਕੇ ਉਨ੍ਹਾਂ ਵੋਟ ਦੇ ਅਧਿਕਾਰ ਪ੍ਰਾਪਤੀ ਇਤਿਹਾਸ ਤੇ ਵੀ ਝਾਤੀ ਮਾਰੀ। ਇਸ ਮੌਕੇ ਜਿਲ੍ਹੇ ਦੇ ਸਹਾਇਕ ਸਵੀਪ ਨੋਡਲ ਅਫਸਰ





ਸਤਨਾਮ ਸਿੰਘ ਸੂੰਨੀ ਦੁਆਰਾ ਵਿਦਆਰਥੀਆਂ ਨੂੰ ਆਪਣੀ ਵੋਟ ਬਣਵਾਉਣਾ ਲਾਜ਼ਮੀ ਕਰਾਰ ਦੇਣ ਦੇ ਨਾਲ -ਨਾਲ ਉਹਨਾਂ ਨੂੰ ਵੋਟ ਦੀ ਵਰਤੋਂ ਕਰਨ ਲਈ ਵੀ ਪ੍ਰੇਰਿਤ ਕੀਤਾ ਗਿਆ ਅਤੇ ਉਹਨਾਂ ਦੁਆਰਾ ਕਿਹਾ ਗਿਆ ਕਿ ਵਿਦਆਰਥੀ ਭਾਰਤ ਦੇ ਨਾਗਰਿਕ ਹੋਣ ਦੇ ਨਾਤੇ ਆਪਣੇ ਵੋਟ ਅਧਿਕਾਰ ਦਾ ਇਸਤੇਮਾਲ ਜਰੂਰ ਕਰਨ ਅਤੇ ਆਪਣੀ ਵੋਟ ਜਰੂਰ ਬਣਵਾਉਣ ਕਿਉਂਕਿ ਭਵਿੱਖ ਵਿੱਚ ਨੌਜਵਾਨ ਹੀ ਹਨ ਜੋ ਦੇਸ਼ ਦੇ ਲੋਕਤੰਤਰ ਨੂੰ ਬਰਕਰਾਰ ਰੱਖ ਸਕਦੇ ਹਨ। ਉਨ੍ਹਾਂ ਕਿਹਾ ਵਿਦਆਰਥੀ ਆਪਣੇ ਪਿੰਡਾਂ ਵਿੱਚ ਅਤੇ ਆਲੇ ਦੁਆਲੇ ਦੇ ਲੋਕਾਂ ਦੀ ਵੋਟ ਬਣਵਾਉਣ ਅਤੇ ਹਰ ਇੱਕ ਵਿਅਕਤੀ ਨੂੰ ਆਉਣ ਵਾਲੀਆਂ ਚੋਣਾਂ ਵਿੱਚ ਵੋਟ ਦੇ ਅਧਿਕਾਰ ਦਾ ਪ੍ਰਯੋਗ ਕਰਨ ਲਈ ਕਹਿਣ।ਇਸ ਮੌਕੇ ਵਿਦਆਰਥੀਆਂ ਦੁਆਰਾ ਰੰਗੋਲੀ ਦਾ ਪ੍ਰਦਰਸ਼ਨ ਕੀਤਾ ਗਿਆ ਜਿਸਨੂੰ ਮੁੱਖ ਮਹਿਮਾਨ ਜੀ ਦੁਆਰਾ ਸਰਾਹਿਆ ਗਿਆ।ਇਸ ਮੌਕੇ ਵਿਦਆਰਥੀਆਂ ਦੁਆਰਾ ਵੋਟਰ ਜਾਗਰੂਕਤਾ ਸੰਬੰਧੀ ਸਕਿੱਟ, ਡਾਂਸ, ਨਾਟਕ, ਗੀਤ ਅਤੇ ਵਿਦਆਰਥਣਾਂ ਦੁਆਰਾ ਨਿਵੇਕਲੇ ਢੰਗ ਨਾਲ਼ ਗਿੱਧੇ ਦੇ ਰੂਪ ਵਿੱਚ ਚੋਣ ਬੋਲੀਆਂ ਪੇਸ਼ ਕੀਤੀਆਂ ਗਈਆਂ।



# ਗੁਰਦਾਸਪੁਰ ਪੁਲਿਸ ਨੂੰ ਮਿਲੀ ਵੱਡੀ ਸਫਲਤਾ , ਹੈਰੋਇਨ ਸਮੇਤ ਮੁਲਜ਼ਮ ਗ੍ਰਿਫਤਾਰ

ਗੁਰਦਾਸਪੁਰ ਲੋਕ ਬਾਣੀ - ਨਵਨੀਤ ਕੁਮਾਰ - ਜ਼ਿਲ੍ਹਾ ਪੁਲਿਸ ਗੁਰਦਾਸਪੁਰ ਨੇ ਅੱਜ ਲਗਭਗ 5 ਕਰੋੜ ਰੁਪਏ ਦੀ 1 ਕਿੱਲੋਗ੍ਰਾਮ ਹੈਰੋਇਨ ਸਮੇਤ ਇਕ ਵਿਅਕਤੀ ਨੂੰ ਗ੍ਰਿਫ਼ਤਾਰ ਕਰਕੇ ਥਾਣਾ ਕਲਾਨੌਰ 'ਚ ਐੱਨ.ਡੀ.ਪੀ.ਐੱਸ ਐਕਟ ਦੇ ਤਹਿਤ ਮਾਮਲਾ ਦਰਜ ਕੀਤਾ ਹੈ।ਇਸ ਸਬੰਧੀ ਕਲਾਨੌਰ ਪੁਲਸ ਸਟੇਸ਼ਨ 'ਚ ਤਾਇਨਾਤ ਏ.ਐੱਸ.ਆਈ ਗੁਰਨਾਮ ਸਿੰਘ ਨੇ ਦੱਸਿਆ ਕਿ ਉਸ ਨੇ ਪੁਲਸ ਪਾਰਟੀ ਦੇ ਨਾਲ ਮੁਖਬਰ ਦੀ ਖਾਸ ਇਤਲਾਹ 'ਤੇ ਦੋਸ਼ੀ ਸਰਬਜੀਤ ਸਿੰਘ ਉਰਫ ਸਾਬੀ ਪੁੱਤਰ ਪਲਵਿੰਦਰ ਸਿੰਘ ਵਾਸੀ ਮੁਹੱਲਾ ਨਵਾਂ ਕੱਟੜਾ ਕਲਾਨੌਰ ਦੇ ਘਰ ਰੇਡ ਕੀਤਾ ਅਤੇ ਉਪ ਪੁਲਸ ਕਪਤਾਨ ਨਾਰਕੋਟਿਕ ਗੁਰਦਾਸਪੁਰ ਦੀ ਹਦਾਇਤ 'ਤੇ ਅਤੇ ਤਫ਼ਤੀਸ਼ੀ ਅਫ਼ਸਰ ਨੇ ਮੌਕੇ 'ਤੇ ਪਹੁੰਚ ਕੇ ਦੋਸ਼ੀ ਦੇ ਹੱਥ 'ਚ ਫੜੀ ਜੈਕਟ ਦੀ ਤਾਲਾਸ਼ੀ ਲਈ ਤਾਂ ਜੈਕਟ ਵਿਚੋਂ ਇਕ ਪੈਕਟ ਪਲਾਸਟਿਕ ਬਰਾਮਦ ਹੋਇਆ। ਜਿਸ ਨੂੰ ਖੋਲ ਕੇ ਚੈਕ ਕੀਤਾ ਗਿਆ ਤਾਂ ਉਸ ਵਿਚੋਂ 1 ਕਿੱਲੋਗ੍ਰਾਮ ਹੈਰੋਇਨ ਬਰਾਮਦ ਹੋਈ। ਜਿਸ 'ਤੇ ਦੋਸ਼ੀ ਸਰਬਜੀਤ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਮਾਮਲਾ ਦਰਜ ਕੀਤਾ ਗਿਆ। ਪੁਲਸ ਅਧਿਕਾਰੀ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਦੋਸ਼ੀ ਤੋਂ ਪੁੱਛਗਿਛ ਜਾਰੀ ਹੈ।

# ਕੇਰਲ ਸਟੇਟ ਕੋਆਪ੍ਰੇਟਿਵ ਕੋਇਰ ਮਾਰਕੀਟਿੰਗ ਫੈਡਰੇਸ਼ਨ (ਕੋਇਰਫੈਡ) ਨੂੰ ਹਰਿਮੰਦਰ ਸਾਹਿਬ ਤੋਂ ਮਿਲਿਆ 1 ਕਰੋੜ ਰੁਪਏ ਦਾ ਆਰਡਰ

ਬਠਿੰਡਾ ਲੋਕ ਬਾਣੀ- ਗੁਰੂ ਨਗਰੀ ਦੇ ਹਰਿਮੰਦਰ ਸਾਹਿਬ ਦੇ ਦਰਵਾਜ਼ੇ ਅਤੇ ਗਲਿਆਰੇ ਹੁਣ ਮੇਡ ਇਨ ਕੇਰਲਾ ਕੇ ਉਤਪਾਦਾਂ ਨਾਲ ਮਹਿਮਾਨਾਂ ਅਤੇ ਸੰਗਤਾਂ ਦਾ ਸਵਾਗਤ ਕਰਨਗੇ। ਕੇਰਲ ਸਟੇਟ ਕੋਆਪ੍ਰੇਟਿਵ ਕੋਇਰ ਮਾਰਕੀਟਿੰਗ ਫੈਡਰੇਸ਼ਨ ਲਿਮਿਟੇਡ (ਕੋਇਰਫੈਡ) ਨੂੰ ਹਾਲ ਹੀ ਵਿੱਚ ਹਰਿਮੰਦਰ ਸਾਹਿਬ ਤੋਂ ਕੋਇਰ ਉਤਪਾਦਾਂ ਲਈ 1 ਕਰੋੜ ਰੁਪਏ ਦਾ ਆਰਡਰ ਪ੍ਰਾਪਤ ਹੋਇਆ ਹੈ। ਕੋਇਰਫੈੱਡ ਦੇ ਅਧਿਕਾਰੀਆਂ ਅਨੁਸਾਰ 100 ਰੋਲਿੰਗ ਮੈਟਿੰਗ ਦੀ ਪਹਿਲੀ ਖੇਪ ਜਲਦੀ ਹੀ ਅੰਮ੍ਰਿਤਸਰ ਭੇਜੀ ਜਾਵੇਗੀ।

ਕੋਅਰਫੈੱਡ ਦੇ ਪ੍ਰਧਾਨ ਟੀਕੇ ਦੇਵਕੁਮਾਰ (ਸਾਬਕਾ ਵਿਧਾਇਕ) ਨੇ ਹਾਲ ਹੀ ਵਿੱਚ ਹਰਿਮੰਦਰ ਸਾਹਿਬ ਦਾ ਦੌਰਾ ਕੀਤਾ ਅਤੇ ਗੁਰਦੁਆਰਾ ਪ੍ਰਬੰਧਕਾਂ ਨਾਲ ਵਿਚਾਰ ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਕੋਇਰਫੈੱਡ ਵੱਲੋਂ ਸ੍ਰੀ ਹਰਿਮੰਦਰ ਸਾਹਿਬ ਨੂੰ ਕੋਇਰ ਉਤਪਾਦ ਸਪਲਾਈ ਕੀਤੇ ਜਾਂਦੇ ਹਨ ਪਰ ਉਨ੍ਹਾਂ ਦੇ ਸਬੰਧਾਂ ਵਿੱਚ ਕੁਝ ਮਤਭੇਦ ਪੈਦਾ ਹੋ ਗਏ ਸਨ ਜਿਨ੍ਹਾਂ ਨੂੰ ਸੁਖਾਵਾਂ ਕਰ ਦਿੱਤਾ ਗਿਆ ਹੈ। ਕੋਇਰਫੈੱਡ ਹੁਣ ਗੁਰੂ ਨਗਰੀ ਵਿੱਚ ਆਪਣੇ ਉਤਪਾਦਾਂ ਦੀ ਸਪਲਾਈ ਮੁੜ ਸ਼ੁਰੂ ਕਰਕੇ ਖੁਸ਼ ਹੈ। ਕੋਇਰ ਉਤਪਾਦਾਂ ਵਿੱਚ ਅਥਾਹ ਸੰਭਾਵਨਾਵਾਂ ਦੇ ਕਾਰਨ, ਕੋਇਰਫੈੱਡ ਹੁਣ ਦੂਜੇ ਰਾਜਾਂ ਵਿੱਚ ਆਪਣੇ ਮਾਰਕੀਟ ਦੀ ਖੋਜ ਕਰਨ ਦੀ ਯੋਜਨਾ ਬਣਾ ਰਿਹਾ ਹੈ।

ਇਸ ਤੋਂ ਇਲਾਵਾ ਕੋਅਰਫੈੱਡ ਨੂੰ ਕ੍ਰਿਕਟ ਮੈਟ ਦੀ ਸਪਲਾਈ ਲਈ ਚੇਨਈ ਕ੍ਰਿਕਟ ਐਸੋਸੀਏਸ਼ਨ ਤੋਂ 50 ਲੱਖ ਰੁਪਏ ਦਾ ਆਰਡਰ ਵੀ ਮਿਲਿਆ ਹੈ।

ਕੋਇਰਫੈੱਡ, ਸਾਲ 1979 ਵਿੱਚ ਬਣਾਈ ਗਈ, ਕੋਇਰ ਦੀ ਵਰਤੋਂ ਕਰਨ ਵਾਲੀਆਂ ਸਹਿਕਾਰੀ ਸਭਾਵਾਂ ਦਾ ਸਿਖਰਲਾ ਫੈਡਰੇਸ਼ਨ ਹੈ, ਜਿਸ ਦੇ ਕੋਇਰ ਉਤਪਾਦਾਂ ਦੀ ਵਰਤੋਂ ਦੇਸ਼ ਭਰ ਦੀਆਂ ਸੰਸਥਾਵਾਂ ਦੁਆਰਾ ਘਰੇਲੂ ਅਤੇ ਵਪਾਰਕ ਉਦੇਸ਼ਾਂ ਲਈ ਕੀਤੀ ਜਾ ਰਹੀ ਹੈ।

# ਬੀਤੀ ਸ਼ਾਮ ਤੱਕ ਜ਼ਿਲ੍ਹਾ ਗੁਰਦਾਸਪੁਰ ਦੀਆਂ ਮੰਡੀਆਂ ਵਿਚ 579851 ਮੀਟਰਿਕ ਟਨ ਕਣਕ ਦੀ ਖ਼ਰੀਦ ਹੋਈ

## ਕਿਸਾਨਾਂ ਨੂੰ 1283.44 ਕਰੋੜ ਰੁਪਏ ਦੀ ਰਾਸ਼ੀ ਦਾ ਭੁਗਤਾਨ ਕੀਤਾ



ਗੁਰਦਾਸਪੁਰ ਲੋਕ ਬਾਣੀ- ਨਵਨੀਤ ਕੁਮਾਰ - ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਦੀਆਂ ਹਦਾਇਤਾਂ ਤਹਿਤ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਨਿਰਵਿਘਨ ਜਾਰੀ ਹੈ। ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 579851 ਮੀਟਰਿਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 592443 ਮੀਟਰਿਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿੱਚੋਂ 579851 ਮੀਟਰਿਕ ਟਨ ਕਣਕ ਖ਼ਰੀਦੀ ਜਾ ਚੁੱਕੀ ਹੈ। ਏਜੰਸੀ ਵਾਈਜ਼ ਖ਼ਰੀਦ ਦਾ ਬਿਉਰਾ ਦਿੰਦਿਆਂ ਉਨ੍ਹਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਖ਼ਰੀਦ ਏਜੰਸੀ ਪਨਗਰੇਨ ਨੇ 159789 ਮੀਟਰਿਕ ਟਨ, ਮਾਰਕਫੈੱਡ ਨੇ 145317 ਮੀਟਰਿਕ ਟਨ, ਪਨਸਪ ਨੇ 140702 ਮੀਟਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਨੇ 105827 ਮੀਟਰਿਕ ਟਨ, ਐੱਫ.ਸੀ.ਆਈ. ਨੇ 17328 ਮੀਟਰਿਕ ਟਨ ਅਤੇ ਵਪਾਰੀਆਂ ਨੇ 10888 ਮੀਟਰਿਕ ਟਨ ਕਣਕ ਖ਼ਰੀਦੀ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਖ਼ਰੀਦੀ ਗਈ ਕਣਕ ਦੀ ਅਦਾਇਗੀ ਵੀ ਨਾਲ ਦੀ ਨਾਲ ਕੀਤੀ ਜਾ ਰਹੀ ਹੈ ਅਤੇ ਬੀਤੀ ਸ਼ਾਮ ਤੱਕ 101 ਫ਼ੀਸਦੀ ਕਿਸਾਨਾਂ ਨੂੰ 1283.44 ਕਰੋੜ ਰੁਪਏ ਦੀ ਰਾਸ਼ੀ ਦਾ ਭੁਗਤਾਨ ਕੀਤਾ ਜਾ ਚੁੱਕਾ ਹੈ।ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਕਿਹਾ ਕਿ ਖ਼ਰੀਦੀ ਗਈ ਫ਼ਸਲ ਦੀ ਲਿਫ਼ਟਿੰਗ ਦਾ ਕੰਮ ਵੀ ਤੇਜ਼ੀ ਨਾਲ ਚੱਲ ਰਿਹਾ ਹੈ ਅਤੇ ਬੀਤੀ ਸ਼ਾਮ ਤੱਕ 346384 ਮੀਟਰਿਕ ਟਨ ਦੀ ਲਿਫ਼ਟਿੰਗ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਬਕਾਇਆ ਫ਼ਸਲ ਦੀ ਲਿਫ਼ਟਿੰਗ ਵੀ ਜਲਦੀ ਕਰ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਕਣਕ ਦੀ ਫ਼ਸਲ ਦਾ ਇੱਕ-ਇੱਕ ਦਾਣਾ ਪੂਰੇ ਤੋਲ ਅਤੇ ਭਾਅ ਉੱਪਰ ਖ਼ਰੀਦਣ ਲਈ ਵਚਨਬੱਧ ਹੈ।



# ਲਾਈਨਜ ਕਲੱਬ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਲਾਈਨ ਜੀਐਸ ਭਾਟੀਆ ਦਾ ਸਨਮਾਨ

ਸ੍ਰੀ ਅਨੰਦਪੁਰ ਸਾਹਿਬ, ਲੋਕ ਬਾਣੀ (ਦਵਿੰਦਰਪਾਲ ਸਿੰਘ): ਲਾਈਨਜ ਕਲੱਬ ਸ੍ਰੀ ਅਨੰਦਪੁਰ ਸਾਹਿਬ ਦੀ ਅੱਜ ਜਰੂਰੀ ਮੀਟਿੰਗ ਲਈਨ ਸੰਜੇ ਮਹਾਜਨ ਦੀ ਪ੍ਰਧਾਨਗੀ ਹੇਠ ਹੋਈ। ਜਿਸ ਬਾਰੇ ਗੱਲ ਕਰਦਿਆਂ ਕਲੱਬ ਦੇ ਪੀ ਆਰ ਓ ਇੰਦਰਜੀਤ ਅਰੋੜਾ ਵੱਲੋਂ ਦੱਸਿਆ ਗਿਆ ਕਿ ਲਾਈਨਜ ਕਲੱਬ 321 ਡੀ ਦੇ ਚੇਅਰਮੈਨ ਲਾਈਨ ਜੀਐਸ ਭਾਟੀਆ ਜੋ ਕਿ ਵਾਈਸ ਡਿਸਟ੍ਰਿਕਟ ਗਵਰਨਰ 2 ਦੀ ਇਲੈਕਸ਼ਨ ਲੜ ਰਹੇ ਹਨ ਉਹਨਾਂ ਦਾ ਕਲੱਬ ਵੱਲੋਂ ਮਮੈਂਟੋ ਤੇ ਸਿਰਪਾਉ ਦੇ ਕੇ ਸਨਮਾਨ ਕੀਤਾ ਗਿਆ ਅਤੇ ਉਨਾਂ ਨੂੰ ਕਲੱਬ ਵੱਲੋਂ ਪੂਰਨ ਹਮਾਇਤ ਦਾ ਭਰੋਸਾ ਦਿੱਤਾ ਗਿਆ ਕਲੱਬ ਦੇ ਕੈਸ਼ੀਅਰ ਅਤੇ ਨਵੇਂ ਚੁਣੇ ਪ੍ਰਧਾਨ ਰਾਜਵਿੰਦਰ ਸਿੰਘ ਸੋਢੀ ਵੱਲੋਂ ਆਏ ਹੋਏ ਮਹਿਮਾਨਾਂ ਦਾ ਫੁੱਲ ਮਾਲਾ ਪਾ ਕੇ ਸਵਾਗਤ ਕੀਤਾ ਗਿਆ ਕਲੱਬ ਸੈਕਟਰੀ ਕਮਲ ਵਰਮਾ ਵੱਲੋਂ ਆਏ ਹੋਏ ਮਹਿਮਾਨਾਂ ਅਤੇ ਸਮੂਹ ਮੈਂਬਰ ਸਾਹਿਬਾਨ ਦਾ ਧੰਨਵਾਦ ਕੀਤਾ ਗਿਆ ਇਸ ਮੌਕੇ ਲਾਈਨ ਪ੍ਰੋ:ਹਰਦੀਪ ਸਿੰਘ, ਕੁਲਦੀਪ ਸਿੰਘ ਭੱਠੇਵਾਲੇ,ਦਵਿੰਦਰ ਕੌਸ਼ਲ, ਸੁਖਵਿੰਦਰ ਸਿੰਘ ਬਿੱਟੂ ਵਿਜੈ ਕੁਮਾਰ ਸੋਢੀ, ਤਜਿੰਦਰ ਸਿੰਘ ਚੰਨ, ਅਰਸ਼ਵਿੰਦਰ ਸਿੰਘ ਛਬਲੀ, ਪ੍ਰਿਤਮਪਾਲ ਸਿੰਘ ਫੁੱਲ, ਅਵਤਾਰ ਸਿੰਘ ਬੈਗਾਂ ਵਾਲੇ , ਹਰਚਰਨ ਸਿੰਘ ਬੇਦੀ, ਮਨਿੰਦਰਪਾਲ ਸਿੰਘ ਮਨੀ, ਮਹੇਸ਼ ਕੁਮਾਰ, ਅਮਰਿੰਦਰ ਸਿੰਘ ਚੀਮਾ, ਹਰਸਿਮਰਤ ਸਿੰਘ ਸੈਫੀ, ਰਾਜਨ ਗਾਬਾ, ਜਸਵਿੰਦਰ ਸਿੰਘ ਸੋਨੂੰ ਅਰੋੜਾ, ਜਪਨਜੋਤ ਸਿੰਘ, ਆਦਿਕ ਤੌਂ ਇਲਾਵਾ ਵੱਡੀ ਗਿਣਤੀ 'ਚ ਲਾਈਨਜ਼ ਕਲੱਬ ਦੇ ਅਹੁਦੇਦਾਰ ਅਤੇ ਮੈਂਬਰ ਸਹਿਬਾਨ ਹਾਜਰ ਸਨ।



# ਲੁਧਿਆਣਾ ਸੀ ਏ 3 ਦੀ ਪੁਲਿਸ ਟੀਮ ਨੇ ਇਕ ਭਗੋੜੇ ਵਿਆਕਤੀ ਨੂੰ ਕੀਤਾ ਗ੍ਰਿਫਤਾਰ

ਲੁਧਿਆਣਾ ਲੋਕ ਬਾਣੀ :(ਵਰਿੰਦਰ ਪ੍ਰਕਾਸ਼ ਭਾਂਬਰੀ) ਲੁਧਿਆਣਾ ਸੀ ਏ 3 ਦੇ ਇੰਸਪੈਕਟਰ ਰਾਜੇਸ਼ ਕੁਮਾਰ ਦੀ ਅਗਵਾਈ ਵਿੱਚ ਸਬ ਇੰਸਪੈਕਟਰ ਗੁਰਪ੍ਰੀਤ ਸਿੰਘ ਏ ਐਸ ਆਈ ਬਲਵੰਤ ਸਿੰਘ ਏ ਐਸ ਆਈ ਬਲਜੀਤ ਸਿੰਘ ਦੀ ਟੀਮ ਨੇ ਇਕ ਭਗੋੜੇ ਵਿਆਕਤੀ ਜਿਸ ਦਾ ਨਾਮ ਰਜੀਵ ਤੇ ਪਿਤਾ ਨਾਮ ਬਲਵੰਤ ਮਕਾਨ ਨੰਬਰ 3170 ਜਿਸ ਦੀ FIR NO 324 ਤਰੀਕ 21-10-2018 U/SFA.A.AD EX ACT PS ਡਿਵੀਜਨ ਨੰਬਰ 7 ਵਿੱਚ ਦਰਜ ਸੀ।ਸਰਦਾਰ ਕਿਰਨਦੀਪ ਸਿੰਘ ਜੀ ਦੀ ਕੋਰਟ ਨੇ16-02-23 UID NO PB @EFF ਨੂੰ ਸਜਾ ਸੁਣਾਈ। ਉਸ ਤੋ ਬਾਅਦ ਰਜੀਵ ਭਗੋੜਾ ਹੋ ਗਿਆ। ਸੀ ਏ 3 ਦੀ ਪੁਲਿਸ ਟੀਮ ਨੇ ਇਸ ਨੂੰ ਅੱਜ ਗ੍ਰਿਫਤਾਰ ਕਰ ਲਿਆ।

# ਜ਼ਿਲ੍ਹਾ ਚੋਣ ਅ਼ਫਸਰ-ਕਮ-ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਵੋਟਰਾਂ ਨੂੰ ਵੋਟ ਪਾਉਣ ਸਬੰਧੀ ਵਿਦਿਆਰਥੀਆਂ ਦੀ ਰੈਲੀ ਨੂੰ ਹਰੀ ਝੰਡੀ ਦਿਖਾ ਕੇ ਕੀਤਾ ਰਵਾਨਾ



ਸਹੀਦ ਭਗਤ ਸਿੰਘ ਨਗਰ ਲੋਕ ਬਾਣੀ - ਜ਼ਿਲ੍ਹਾ ਚੋਣ ਅ਼ਫਸਰ-ਕਮ-ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਅਤੇ ਰਾਜੀਵ ਵਰਮਾ ਵਧੀਕ ਡਿਪਟੀ ਕਮਿਸ਼ਨਰ, ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਵੋਟਰ ਜਾਗਰੂਕਤਾ ਸੰਬੰਧੀ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਕੇ ਸੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਨਵਾਂਸ਼ਹਿਰ ਦੇ ਲਗਭਗ 150 ਵਿਦਿਆਰਥੀਆਂ ਦੀ ਰੈਲੀ ਨੂੰ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ ਗਿਆ। ਜਿਨ੍ਹਾਂ ਨੇ ਆਮ ਲੋਕਾਂ ਨੂੰ ਪਹਿਲੀ ਜੂਨ ਨੂੰ ਪੰਜਾਬ ਵਿੱਚ ਮਨਾਏ ਜਾ ਰਹੇ ਲੋਕਤੰਤਰ ਦੇ ਮਹਾਂਕੁੰਭ ਪ੍ਰਤੀ ਜਾਗਰੂਕ ਕੀਤਾ।ਇਹ ਰੈਲੀ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਸ਼ਹੀਦ ਭਗਤ ਸਿੰਘ ਨਗਰ ਤੋਂ ਸ਼ੁਰੂ ਹੋ ਕੇ ਬਾਰਾਂਦਰੀ ਗਾਰਡਨ ਵਿਖੇ ਸਮਾਪਤ ਹੋਈ।ਇਸ ਮੌਕੇ ਜਿਲ੍ਹਾ ਚੋਣ ਅ਼ਫਸਰ-ਕਮ-ਡਿਪਟੀ ਕਮਿਸ਼ਨਰ ਨਵਜੋਤਪਾਲ ਸਿੰਘ ਰੰਧਾਵਾ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਇੱਕ ਜੂਨ 2024 ਦਿਨ ਸ਼ਨੀਵਾਰ ਨੂੰ ਹਰੇਕ ਵੋਟ ਪੈਣ ਨਾਲ ਦੁਨੀਆਂ ਦਾ ਸਭ ਤੋਂ ਵੱਡਾ ਲੋਕਤੰਤਰ ਹੋਰ ਮਜ਼ਬੂਤ ਹੋਵੇਗਾ। ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਤੁਸੀਂ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸਮੂਹ ਵੋਟਰਾਂ ਨੂੰ ਜਾਗਰੂਕ ਕਰਨਾ ਹੈ ਕਿ ਕੋਈ ਵੀ ਵੋਟਰ ਵੋਟ ਪਾਉਣ ਤੋਂ ਰਹਿ ਨਾ ਜਾਵੇ, ਤੁਸੀਂ ਆਪਣੇ ਪਰਿਵਾਰ,ਆਂਢ-ਗਵਾਂਢ, ਗਲ਼ੀ-ਮੁਹੱਲੇ, ਰਿਸ਼ਤੇਦਾਰਾਂ ਨੂੰ ਵੋਟ ਪਾਉਣ ਲਈ ਪ੍ਰੇਰਿਤ ਕਰਨਾ ਹੈ ਤਾਂ ਕਿ ਇਸ ਬਾਰ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ, ਪਝੱਤਰ ਪਾਰ ਹੋ ਜਾਵੇ।ਉਨ੍ਹਾਂ ਕਿਹਾ ਕਿ ਹਰ ਵੋਟਰ ਬਿਨ੍ਹਾਂ ਕਿਸੇ ਲੋਭ, ਲਾਲਚ, ਡਰ, ਜਾਤ -ਪਾਤ ਅਤੇ ਧਰਮ ਤੋਂ ਉੱਪਰ ਉੱਠ ਕੇ ਅਤੇ ਪੜ੍ਹੇ ਲਿਖੇ, ਇਮਨਾਦਾਰ, ਸੂਝਵਾਨ ਉਮੀਦਵਾਰ ਨੂੰ ਆਪਣੀ ਵੋਟ ਪਾਵੇ ਤਾਂ ਕਿ ਆਪਣੇ ਪਿੰਡ, ਤਹਿਸਲ, ਜਿਲ੍ਹੇ , ਪੰਜਾਬ ਅਤੇ ਦੇਸ਼ ਦਾ ਵਿਕਾਸ ਹੋ ਸਕੇ। ਉਨ੍ਹਾਂ ਕਿਹਾ ਕਿ ਇਨ੍ਹਾਂ ਸਵੀਪ ਗਤੀਵਿਧੀਆਂ ਦਾ ਮੁੱਖ ਮੰਤਵ ਹੈ ਕਿ ਵਿਦਿਆਰਥੀਆਂ ਨੂੰ ਲੋਕਤੰਤਰ ਨਾਲ ਜੋੜਨਾ ਅਤੇ ਉਨ੍ਹਾਂ ਨੂੰ ਜਾਗਰੂਕ ਕਰਕੇ ਹੇਠਲੇ ਪੱਧਰ ਤੱਕ ਲੋਕਾਂ ਨੂੰ ਵੋਟ ਦੇ ਹੱਕ ਪ੍ਰਤੀ ਜਾਣੂੰ ਕਰਵਾਉਣਾ ਹੈ। ਇਸ ਮੌਕੇ ਸਹਾਇਕ ਸਵੀਪ ਨੋਡਲ ਅਫਸਰ ਸਤਨਾਮ ਸਿੰਘ ਸੂੰਨੀ, ਸਹਾਇਕ ਪ੍ਰੋਫੈਸਰ ਹਰਦੀਪ ਕੌਰ, ਇਲੈਕਸ਼ਨ ਕਾਨੂੰਗੋ ਦਲਜੀਤ ਸਿੰਘ, ਅਮਿਤ ਸੈਣੀ, ਕੁਲਬੀਰ ਸਿੰਘ ਨੇਗੀ, ਅਵਤਾਰ ਸਿੰਘ, ਅਜੀਤ ਸਿੰਘ, ਰਾਜਿੰਦਰ ਸ਼ਰਮਾ ਸਵੀਪ ਨੋਡਲ ਅਫਸਰ ਬੰਗਾ,ਮਮਤਾ, ਹਰਪ੍ਰੀਤ ਕੌਰ ਆਦਿ ਹਾਜ਼ਰ ਸਨ।

# ਸਿਹਤ ਵਿਭਾਗ ਵਲੋਂ ਡੇਂਗੂ ਅਤੇ ਮਲੇਰੀਆ ਦੇ ਬਚਾਅ ਲਈ ਅਗੇਤੇ ਪ੍ਰਬੰਧਾਂ ਦੀ ਕੀਤੀ ਸ਼ੁਰੂਆਤ

ਸ਼੍ਰੀ ਮੁਕਤਸਰ ਸਾਹਿਬ, – ਸਿਹਤ ਵਿਭਾਗ ਵਲੋਂ ਸ਼ਹਿਰ ਸ਼੍ਰੀ ਮੁਕਤਸਰ ਸਾਹਿਬ ਵਿਚ ਡੇਂਗੂ ਮਲੇਰੀਆ ਦੇ ਫੈਲਣ ਤੋਂ ਬਚਾਅ ਲਈ ਗਤੀਵਿਧੀਆਂ ਕਰਨ ਲਈ ਟੀਮਾਂ ਬਣਾਈਆਂ ਗਈਆਂ ਹਨ । ਇੰਨਾਂ ਟੀਮਾਂ ਨੂੰ ਅੱਜ ਡਾ. ਨਵਜੋਤ ਕੌਰ ਸਿਵਲ ਸਰਜਨ ਵਲੋਂ ਦਫਤਰ ਸਿਵਲ ਸਰਜਨ ਸ਼੍ਰੀ ਮੁਕਤਸਰ ਸਾਹਿਬ ਤੋਂ ਰਵਾਨਾ ਕੀਤਾ ਗਿਆ।ਇਸ ਸਬੰਧ ਵਿਚ ਡਾ. ਨਵਜੋਤ ਕੌਰ ਸਿਵਲ ਸਰਜਨ ਨੇ ਦੱਸਿਆ ਕਿ ਸਿਹਤ ਵਿਭਾਗ ਵਲੋਂ ਡੈਂਗੂ ਅਤੇ ਮਲੇਰੀਆ ਦੇ ਫੈਲ਼ਣ ਤੋਂ ਬਚਾਅ ਲਈ ਅਗੇਤੇ ਪ੍ਰਬੰਧ ਕੀਤੇ ਗਏ ਹਨ, ਜਿਸ ਲਈ ਸਿਹਤ ਵਿਭਾਗ ਵਲੋਂ ਟੀਮਾਂ ਬਣਾਈਆਂ ਗਈਆਂ ਹਨ ਜੋ ਸ਼ਹਿਰ ਸ਼੍ਰੀ ਮੁਕਤਸਰ ਸਾਹਿਬ ਵਿਚ ਘਰ ਘਰ ਜਾ ਕੇ ਡੇਂਗੂ ਅਤੇ ਮਲੇਰੀਆ ਦੇ ਫੈਲਣ ਤੋਂ ਬਚਾਅ ਸਬੰਧੀ ਗਤੀਵਿਧੀਆਂ ਕਰਨਗੀਆਂ ਅਤੇ ਲੋਕਾਂ ਨੂੰ ਜਾਗਰੁਕ ਕਰਨਗੀਆਂ ।ਉਨ੍ਹਾ ਕਿਹਾ ਕਿ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਸ਼ਹਿਰਾਂ ਦੇ ਵੱਖ ਵੱਖ ਖੇਤਰਾਂ ਅਤੇ ਹਾਈ ਰਿਸਕ ਏਰੀਏ ਜਾ ਕੇ ਲੋਕਾਂ ਦੇ ਘਰਾਂ ਵਿਚ ਅਤੇ ਘਰਾਂ ਦੇ ਆਸ ਪਾਸ ਪਾਣੀ ਜਮ੍ਹਾ ਨਾ ਹੋਣ ਸਬੰਧੀ ਜਾਣਕਾਰੀ ਦਿੱਤੀ ਜਾ ਰਹੀ ਹੈ ਅਤੇ ਖੜੇ ਪਾਣੀ ਵਿੱਚ ਲਾਰਵਾ ਵਿਰੋਧੀ ਸਪਰੇਅ ਕੀਤੀ ਜਾ ਰਹੀ ਹੈ ਅਤੇ ਲੋਕਾਂ ਨੂੰ ਡੇਂਗੂ ਅਤੇ ਮਲੇਰੀਆ ਪ੍ਰਤੀ ਜਾਣਕਾਰੀ ਦੇਣ ਲਈ ਜਾਗਰੁਕਤਾ ਪੈਂਫਲਿਟ ਵੰਡੇ ਜਾ ਰਹੇ ਹਨ ਅਤੇ ਘਰਾਂ ਵਿੱਚ ਖੜੇ ਪਾਣੀ ਵਿੱਚ ਪੈਦਾ ਹੋ ਰਹੇ ਮੱਛਰਾਂ ਦੇ ਲਾਰਵੇ ਨੂੰ ਮੌਕੇ ਤੇ ਨਸ਼ਟ ਕਰਵਾਇਆ ਜਾ ਰਿਹਾ ਹੈ।ਉਨ੍ਹਾ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਲੇਰੀਆ ਅਤੇ ਡੇਂਗੂ ਦੀ ਬੀਮਾਰੀ ਤੋਂ ਬਚਣ ਲਈ ਕੁਝ ਸਾਵਧਾਨੀਆਂ ਵਰਤਣ ਦੀ ਜਰੂਰਤ ਹੈ। ਡੇਂਗੂ ਬੁਖਾਰ ਏਡੀਜ਼ ਅਜੈਪਟੀ ਨਾਂ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਦਿਨ ਵੇਲੇ ਕੱਟਦਾ ਹੈ ਅਤੇ ਸਾਫ਼ ਪਾਣੀ ਵਿੱਚ ਪੈਦਾ ਹੁੰਦਾ ਹੈ। ਇਸ ਲਈ ਸਾਨੂੰ ਸਾਰਿਆਂ ਨੂੰ ਮੱਛਰ ਪੈਦਾ ਹੋਣ ਵਾਲੇ ਸੋਮਿਆਂ ਨੂੰ ਨਸ਼ਟ ਕਰਨਾ ਚਾਹੀਦਾ ਹੈ। ਘਰਾਂ ਵਿੱਚ ਵਾਧੂ ਬਰਤਨ ਜਿਵੇਂ ਟਾਇਰ, ਟੁੱਟੇ ਘੜੇ ਅਤੇ ਗਮਲੇ ਆਦਿ ਵਿੱਚ ਪਾਣੀ ਖੜਣ ਨਹੀਂ ਦੇਣਾ ਚਾਹੀਦਾ।ਮੱਛਰਦਾਨੀਆ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਵਰਤੋਂ ਕਰੋ, ਸਾਰੇ ਸਰੀਰ ਨੂੰ ਢੱਕਦੇ ਕੱਪੜੇ ਪਾਓ, ਘਰਾਂ ਦੇ ਆਲੇ ਦੁਆਲੇ ਪਾਣੀ ਨਾ ਖੜ੍ਹਾ ਹੋਣ ਦਿਓ, ਘਰ ਵਿੱਚ ਪਾਣੀ ਵਾਲੀਆਂ ਟੈਂਕੀਆਂ ਨੂੰ ਢੱਕ ਕੇ ਰੱਖੋ।ਉਨ੍ਹਾ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜੇਕਰ ਕਿਸੇ ਵਿਅਕਤੀ ਨੂੰ ਇਸ ਸਬੰਧੀ ਕੋਈ ਲੱਛਣ ਜਿਵੇਂ ਤੇਜ ਬੁਖਾਰ ਹੋਣਾ, ਸਿਰ ਦਰਦ, ਅੱਖਾਂ, ਜੋੜਾਂ ਅਤੇ ਸਰੀਰ ਵਿੱਚ ਦਰਦ, ਭੁੱਖ ਘੱਟ ਲੱਗਣਾ ਆਦਿ ਲੱਛਣ ਆਉਣ ਤਾਂ ਨੇੜੇ ਦੇ ਸਿਵਲ ਹਸਪਤਾਲ ਵਿਚ ਜਾ ਕੇ ਮਾਹਿਰ ਡਾਕਟਰ ਨਾਲ ਸੰਪਰਕ ਕੀਤਾ ਜਾਵੇ ਅਤੇ ਡੇਂਗੂ ਦਾ ਟੈਸਟ ਜਰੂਰ ਕਰਵਾਇਆ ਜਾਵੇ ਅਤੇ ਡੇਂਗੂ ਪਾਜੇਟਿਵ ਆਉਣ ਦੀ ਸੂਰਤ ਵਿੱਚ ਮਾਹਿਰ ਡਾਕਟਰ ਤੋਂ ਸੰਪੂਰਨ ਇਲਾਜ ਕਰਵਾਇਆ ਜਾਵੇ।ਡੇਂਗੂ ਦੇ ਟੈਸਟ ਅਤੇ ਇਲਾਜ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਕੀਤਾ ਜਾਂਦਾ ਹੈ।ਇਸ ਮੌਕੇ ਡਾ. ਪ੍ਰਭਜੀਤ ਸਿੰਘ ਸਹਾਇਕ ਸਿਵਲ ਸਰਜਨ, ਡਾ. ਕੁਲਤਾਰ ਸਿੰਘ ਜਿਲ੍ਹਾ ਪਰਿਵਾਰ ਭਲਾਈ ਅਫਸਰ, ਡਾ ਸੰਦੀਪ ਕੌਰ ਜਿਲ੍ਹਾ ਐਪੀਡੀਮੋਲੋਜਿਸਟ,ਸੁਖਮੰਦਰ ਸਿੰਘ ਜਿਲ੍ਹਾ ਮਾਸ ਮੀਡੀਆ ਅਫਸਰ, ਭਗਵਾਨ ਦਾਸ ਜਿਲ੍ਹਾ ਸਿਹਤ ਇੰਸਪੈਕਟਰ,ਪਵਿੱਤਰ ਸਿੰਘ ਐਮ.ਐਲ.ਟੀ, ਭੁਪਿੰਦਰ ਸਿੰਘ ਸਟੈਨੋ, ਗਗਨਦੀਪ ਕੌਰ, ਗੁਰਪ੍ਰੀਤ ਸਿੰਘ,ਮਨਜੀਤ ਸਿੰਘ ਅਤੇ ਦਫਤਰ ਸਿਵਲ ਸਰਜਨ ਦਾ ਸਟਾਫ ਅਤੇ ਬ੍ਰਿਡਿੰਗ ਚੈਕਰ ਹਾਜ਼ਰ ਸਨ।




# ਵੈਦਿਕ ਭਾਸ਼ਣ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਕੀਤਾ ਵੈਦਿਕ ਪ੍ਰਤਿਭਾ ਦਾ ਪ੍ਰਦਰਸ਼ਨ

ਲੁਧਿਆਣਾ, ਲੋਕ ਬਾਣੀ (ਵਰਿੰਦਰ ਪ੍ਰਕਾਸ਼ ਭਾਂਬਰੀ ) – ਭਾਰਤੀ ਵਿਦਿਆ ਮੰਦਰ ਕਿਚਲੂ ਨਗਰ ਵਿਖੇ ਕਰਵਾਏ ਗਏ ਵੈਦਿਕ ਭਾਸ਼ਣ ਮੁਕਾਬਲੇ ਦੌਰਾਨ ਸਕੂਲ ਦਾ ਸਮੁੱਚਾ ਵਿਹੜਾ ਪੁਰਾਤਨ ਗਿਆਨ ਦੇ ਤੱਤ ਨਾਲ ਗੂੰਜ ਉੱਠਿਆ। ਇਸ ਮੁਕਾਬਲੇ ਰਾਹੀਂ ਵੇਦ ਪ੍ਰਚਾਰ ਮੰਡਲ ਦੇ ਜਨਰਲ ਸਕੱਤਰ ਰੋਸ਼ਨ ਲਾਲ ਆਰੀਆ ਨੇ ਵਿਦਿਆਰਥੀਆਂ ਨੂੰ ਵੇਦਾਂ ਦੀਆਂ ਡੂੰਘੀਆਂ ਸਿੱਖਿਆਵਾਂ ਨੂੰ ਸਮਝਣ ਦਾ ਮੰਚ ਪ੍ਰਦਾਨ ਕੀਤਾ। ਇਸ ਸਮਾਗਮ ਵਿੱਚ 26 ਉਤਸ਼ਾਹੀ ਪ੍ਰਤੀਯੋਗੀਆਂ ਨੇ ਭਾਗ ਲਿਆ, ਹਰ ਇੱਕ ਵੈਦਿਕ ਸਿਧਾਂਤਾਂ ਵਿੱਚ ਆਪਣੀ ਮੁਹਾਰਤ ਅਤੇ ਭਾਸ਼ਣ ਵਿੱਚ ਬੋਲਚਾਲ ਦਾ ਪ੍ਰਦਰਸ਼ਨ ਕਰਨ ਲਈ ਉਤਸੁਕ ਸੀ। ਨੌਵੀਂ ਜਮਾਤ ਦੀ ਵਿਦਿਆਰਥਣ ਸਾਨਵੀ, ਦਸਵੀਂ ਜਮਾਤ ਦੇ ਵਿਦਿਆਰਥੀ ਤਨਮਯ ਪਰਾਸ਼ਰ ਅਤੇ ਦਸਵੀਂ ਜਮਾਤ ਦੇ ਵਿਦਿਆਰਥੀ ਅਭਿਮਨਿਊ ਸਿੰਗਲਾ ਨੇ ਆਪਣੀ ਭਾਸ਼ਣ ਕਲਾ ਦਾ ਪ੍ਰਦਰਸ਼ਨ ਕਰਦਿਆਂ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਇਸ ਮੁਕਾਬਲੇ ਨੇ ਨਾ ਸਿਰਫ਼ ਵਿਦਿਆਰਥੀਆਂ ਦੇ ਬੌਧਿਕ ਗਿਆਨ ਨੂੰ ਪ੍ਰਦਰਸ਼ਿਤ ਕੀਤਾ ਬਲਕਿ ਸਕੂਲ ਦੀ ਸੰਪੂਰਨ ਸਿੱਖਿਆ ਪ੍ਰਦਾਨ ਕਰਨ ਦੀ ਵਚਨਬੱਧਤਾ ਨੂੰ ਵੀ ਉਜਾਗਰ ਕੀਤਾ। ਰੋਸ਼ਨ ਲਾਲ ਆਰੀਆ, ਜਨਰਲ ਸਕੱਤਰ, ਵੇਦ ਪ੍ਰਚਾਰ ਮੰਡਲ ਨੇ ਸਾਰੇ ਪ੍ਰਤੀਭਾਗੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਵੇਦਾਂ ਦੇ ਗਿਆਨ ਦੀ ਖੋਜ ਕਰਦੇ ਰਹਿਣ ਲਈ ਉਤਸ਼ਾਹਿਤ ਕੀਤਾ।

ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਸ਼੍ਰੀਮਤੀ ਰੰਜੂ ਮੰਗਲ ਨੇ ਭਾਗ ਲੈਣ ਵਾਲੇ ਬੱਚਿਆਂ ਨੂੰ ਉਤਸ਼ਾਹਿਤ ਕਰਦੇ ਹੋਏ ਕਿਹਾ ਕਿ ਅਜਿਹੇ ਵੈਦਿਕ ਭਾਸ਼ਣ ਮੁਕਾਬਲਿਆਂ ਵਿੱਚ ਭਾਗ ਲੈ ਕੇ ਵਿਦਿਆਰਥੀ ਅਮੀਰ ਭਾਰਤੀ ਸੰਸਕ੍ਰਿਤੀ ਦਾ ਪੋਸ਼ਣ ਕਰਨਾ ਸਿੱਖਦੇ ਹਨ ਅਤੇ ਇਹ ਉਹਨਾਂ ਵਿੱਚ ਆਪਣੇ ਸੱਭਿਆਚਾਰਕ ਵਿਰਸੇ ਵਿੱਚ ਡੂੰਘੀ ਦਿਲਚਸਪੀ ਪੈਦਾ ਕਰਦਾ ਹੈ।




St. Soldier
GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS

FREE BUS SERVICE FOR ALL COLLEGE STUDENTS FOR ALL ROUTES

ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.

HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)

MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)

DEGREE COURSES
• BA • B.Com. • BBA • D.C.A. • PGDCA • BCA / B.Sc. (IT)

PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*

POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship

MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia

INFORMATION TECHNOLOGY
• MCA • BCA • BSc.IT • PGDCA • DCA

LAW
• BA.LLB. • B.COM. LLB • BBA.LLB. • LLB • PG DIPLOMA IN CYBER LAW

TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed

NURSING TRAINING
• General Nursing & Midwifery (GNM)

ARCHITECTURE
• B. Architecture

INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC

PMKVY

/stsoldiergroup
www.stsoldiergroup.com

LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565

# ਸ਼੍ਰੀਲੰਕਾ ਦੀ ਸੁਪਰੀਮ ਕੋਰਟ ਨੇ ਭਾਰਤੀ ਮਛੇਰਿਆਂ ਖ਼ਿਲਾਫ਼ ਵਿਦੇਸ਼ ਮੰਤਰਾਲੇ ਨੂੰ ਜਵਾਬਦੇਹ ਵਜੋਂ ਕੀਤਾ ਨਾਮਜ਼ਦ



ਕੋਲੰਬੋ - ਸ਼੍ਰੀਲੰਕਾ ਦੀ ਸੁਪਰੀਮ ਕੋਰਟ ਨੇ ਦੱਖਣੀ ਭਾਰਤ ਦੇ ਮਛੇਰਿਆਂ ਵੱਲੋਂ ਦੇਸ਼ ਦੇ ਪਾਣੀਆਂ ਵਿਚ ਗੈਰ-ਕਾਨੂੰਨੀ ਮੱਛੀਆਂ ਫੜਨ ਵਿਰੁੱਧ ਦਾਇਰ ਮੌਲਿਕ ਅਧਿਕਾਰ ਪਟੀਸ਼ਨ ਵਿਚ ਵਿਦੇਸ਼ ਮੰਤਰਾਲੇ ਨੂੰ ਜਵਾਬਦੇਹ ਬਣਾਉਣ ਦਾ ਨਿਰਦੇਸ਼ ਦਿੱਤਾ ਹੈ। ਸ਼੍ਰੀਲੰਕਾ ਦੇ ਮਛੇਰਿਆਂ ਨੇ ਅਧਿਕਾਰੀਆਂ ਨੂੰ ਗੈਰ-ਕਾਨੂੰਨੀ ਮੱਛੀ ਫੜਨ 'ਚ ਸ਼ਾਮਲ ਭਾਰਤੀ ਮਛੇਰਿਆਂ ਨੂੰ ਰੋਕਣ ਦੀ ਅਪੀਲ ਕੀਤੀ ਹੈ। ਸ਼੍ਰੀਲੰਕਾਈ ਜਲ ਸੈਨਾ ਨੇ ਫਰਵਰੀ ਵਿੱਚ ਜਾਰੀ ਇੱਕ ਬਿਆਨ ਵਿੱਚ ਕਿਹਾ ਸੀ ਕਿ ਉਸਨੇ ਹੁਣ ਤੱਕ 23 ਭਾਰਤੀ ਕਿਸ਼ਤੀਆਂ ਨੂੰ ਜ਼ਬਤ ਕੀਤਾ ਹੈ ਅਤੇ 2024 ਵਿੱਚ ਦੇਸ਼ ਦੇ ਪਾਣੀਆਂ ਵਿੱਚ ਕਥਿਤ ਤੌਰ 'ਤੇ ਮੱਛੀਆਂ ਫੜਨ ਦੇ ਦੋਸ਼ ਵਿੱਚ 178 ਭਾਰਤੀ ਮਛੇਰਿਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਬਿਆਨ ਮੁਤਾਬਕ ਇਨ੍ਹਾਂ ਮਛੇਰਿਆਂ ਨੂੰ ਕਾਨੂੰਨੀ ਕਾਰਵਾਈ ਲਈ ਅਧਿਕਾਰੀਆਂ ਦੇ ਹਵਾਲੇ ਕਰ ਦਿੱਤਾ ਗਿਆ ਹੈ। ਇਹ ਪਟੀਸ਼ਨ ਪਿਛਲੇ ਸਾਲ ਦਸੰਬਰ ਵਿੱਚ ਸੈਂਟਰ ਫਾਰ ਐਨਵਾਇਰਨਮੈਂਟਲ ਜਸਟਿਸ (ਸੀ.ਈ.ਜੇ) ਦੁਆਰਾ ਜਾਫਨਾ ਅਤੇ ਮੰਨਾਰ ਦੇ ਪ੍ਰਭਾਵਿਤ ਮਛੇਰਿਆਂ ਦੇ ਨਾਲ ਸ਼੍ਰੀਲੰਕਾ ਦੇ ਜਲ ਖੇਤਰ ਵਿੱਚ ਭਾਰਤੀ ਮਛੇਰਿਆਂ ਦੁਆਰਾ ਡੂੰਘੇ ਸਮੁੰਦਰੀ ਵਿਚ ਗੈਰ-ਕਾਨੂੰਨੀ ਢੰਗ ਨਾਲ ਮੱਛੀ ਫੜਨ ਖ਼ਿਲਾਫ਼ ਦਾਇਰ ਕੀਤੀ ਗਈ ਸੀ। ਸ਼੍ਰੀਲੰਕਾ ਦੀ ਸੁਪਰੀਮ ਕੋਰਟ ਨੇ ਸੋਮਵਾਰ ਨੂੰ ਨਿਰਦੇਸ਼ ਦਿੱਤਾ ਕਿ ਵਿਦੇਸ਼ ਮੰਤਰਾਲੇ ਨੂੰ ਮੌਲਿਕ ਅਧਿਕਾਰਾਂ ਨਾਲ ਜੁੜੀ ਪਟੀਸ਼ਨ 'ਚ ਜਵਾਬਦੇਹ ਬਣਾਇਆ ਜਾਵੇ। ਅਦਾਲਤ ਦੇ ਤਿੰਨ ਮੈਂਬਰੀ ਬੈਂਚ ਨੇ ਸੋਮਵਾਰ ਨੂੰ ਇਸ ਮੁੱਦੇ 'ਤੇ ਪਹਿਲੀ ਸੁਣਵਾਈ ਕੀਤੀ। ਪਟੀਸ਼ਨਕਰਤਾਵਾਂ ਨੇ ਅਦਾਲਤ ਵਿੱਚ ਦਲੀਲ ਦਿੱਤੀ ਹੈ ਕਿ ਸ਼੍ਰੀਲੰਕਾ ਦੇ ਜਲ ਸੀਮਾ ਵਿੱਚ ਭਾਰਤੀ ਮਛੇਰਿਆਂ ਵੱਲੋਂ ਕੀਤੀ ਜਾ ਰਹੀ ਗੈਰ-ਕਾਨੂੰਨੀ ਮੱਛੀ ਫੜਨ ਕਾਰਨ ਤਕਰੀਬਨ 50,000 ਸਥਾਨਕ ਮਛੇਰੇ ਪ੍ਰਭਾਵਿਤ ਹੋਏ ਹਨ। ਮੱਛੀ ਪਾਲਣ ਮੰਤਰੀ, ਰੱਖਿਆ ਮੰਤਰਾਲੇ ਵਿੱਚ ਸਕੱਤਰ, ਸ਼੍ਰੀਲੰਕਾ ਦੀ ਜਲ ਸੈਨਾ ਅਤੇ ਹਵਾਈ ਸੈਨਾ ਦੇ ਕਮਾਂਡਰ ਨੂੰ ਵੀ ਬਚਾਅ ਪੱਖ ਵਿੱਚ ਨਾਮਜ਼ਦ ਕੀਤਾ ਗਿਆ ਹੈ। ਸੀਈਜੇ ਦੇ ਬੁਲਾਰੇ ਨੇ ਦੱਸਿਆ ਕਿ ਮਾਮਲੇ ਦੀ ਅਗਲੀ ਸੁਣਵਾਈ 5 ਅਗਸਤ ਨੂੰ ਹੋਵੇਗੀ।

# ਤੁਰਕੀ 'ਚ 363 ਸ਼ੱਕੀ ਨਸ਼ੀਲੇ ਪਦਾਰਥ ਨਿਰਮਾਤਾ ਤੇ ਵਪਾਰੀ ਹਿਰਾਸਤ 'ਚ




ਅੰਕਾਰਾ -: ਤੁਰਕੀ ਦੀ ਪੁਲਸ ਨੇ ਦੇਸ਼ ਭਰ 'ਚ ਨਸ਼ੀਲੇ ਪਦਾਰਥਾਂ ਦੇ ਵਪਾਰੀਆਂ ਖ਼ਿਲਾਫ਼ ਵੱਡੇ ਪੱਧਰ 'ਤੇ ਮੁਹਿੰਮ ਚਲਾਈ ਹੈ ਅਤੇ 363 ਸ਼ੱਕੀਆਂ ਨੂੰ ਹਿਰਾਸਤ 'ਚ ਲਿਆ ਹੈ। ਤੁਰਕੀ ਦੇ ਗ੍ਰਹਿ ਮੰਤਰੀ ਅਲੀ ਯੇਰਲੀਕਾਯਾ ਨੇ ਮੰਗਲਵਾਰ ਨੂੰ ਇਹ ਜਾਣਕਾਰੀ ਦਿੱਤੀ। ਯੇਰਲਿਕਯਾ ਨੇ ਮੁਹਿੰਮ ਦਾ ਸਮਾਂ ਦੱਸੇ ਬਿਨਾਂ ਸੋਸ਼ਲ ਮੀਡੀਆ ਪਲੇਟਫਾਰਮ ✓ 'ਤੇ ਦੱਸਿਆ ਕਿ ਇਸਤਾਂਬੁਲ, ਅੰਕਾਰਾ, ਇਜ਼ਮੀਰ ਅਤੇ ਅੰਤਾਲਿਆ ਸਮੇਤ 52 ਪ੍ਰਾਂਤਾਂ ਵਿੱਚ ਨਸ਼ੀਲੇ ਪਦਾਰਥਾਂ ਦੇ ਨਿਰਮਾਤਾਵਾਂ ਅਤੇ ਵਪਾਰੀਆਂ ਅਤੇ ਸਥਾਨਕ ਅਪਰਾਧ ਸਿੰਡੀਕੇਟਾਂ ਦੇ ਵਿਰੁੱਧ ਦੇਸ਼ ਵਿਆਪੀ ਮੁਹਿੰਮ (ਨਾਕਾਰਸੇਲਿਕ-15) ਸ਼ੁਰੂ ਕੀਤੀ ਗਈ ਸੀ।

ਪੁਲਸ ਨੇ 217 ਕਿਲੋ ਨਸ਼ੀਲਾ ਪਦਾਰਥ ਅਤੇ 11 ਲੱਖ ਤੋਂ ਵੱਧ ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਆਪ੍ਰੇਸ਼ਨ ਵਿੱਚ 936 ਪੁਲਸ ਟੀਮਾਂ ਅਤੇ ਕੁੱਲ 2340 ਕਰਮਚਾਰੀ, 9 ਹਵਾਈ ਜਹਾਜ਼ ਅਤੇ 38 ਨਸ਼ਾ ਸੁੰਘਣ ਵਾਲੇ ਕੁੱਤੇ ਸ਼ਾਮਲ ਸਨ। ਗ੍ਰਹਿ ਮੰਤਰੀ ਨੇ ਕਿਹਾ, ਨਸ਼ੇ ਦੇ ਤਸਕਰਾਂ ਅਤੇ ਸੰਗਠਿਤ ਅਪਰਾਧ ਸਿੰਡੀਕੇਟ ਜੋ ਸਾਡੇ ਲੋਕਾਂ ਨੂੰ ਜ਼ਹਿਰ ਦੇ ਰਹੇ ਹਨ, ਦੇ ਵਿਰੁੱਧ ਸਾਡੀ ਲੜਾਈ ਸਾਡੇ ਰਾਸ਼ਟਰ ਦੇ ਅਟੁੱਟ ਸਮਰਥਨ ਅਤੇ ਪ੍ਰਾਰਥਨਾਵਾਂ ਨਾਲ ਜਾਰੀ ਰਹੇਗੀ। ਉਹ ਸਾਡੇ ਤੋਂ ਬਚ ਨਹੀਂ ਸਕਦੇ, ਅਸੀਂ ਲਗਾਤਾਰ ਚੌਕਸ ਹਾਂ।" ਜ਼ਿਕਰਯੋਗ ਹੈ ਕਿ ਤੁਰਕੀ ਲੰਬੇ ਸਮੇਂ ਤੋਂ ਨਸ਼ੀਲੇ ਪਦਾਰਥਾਂ ਲਈ ਟਰਾਂਜ਼ਿਟ ਦੇਸ਼ ਵਜੋਂ ਜਾਣਿਆ ਜਾਂਦਾ ਹੈ, ਪਰ ਸਰਕਾਰ ਨੇ ਪਿਛਲੇ ਸਾਲ ਡਰੱਗ ਗੈਂਗ ਖ਼ਿਲਾਫ ?ਆਪਣੀ ਕਾਰਵਾਈ ਤੇਜ਼ ਕਰ ਦਿੱਤੀ ਹੈ।

# ਅਫਸਰ ਬੱਚਿਆਂ ਦਾ ਕਰਦੇ ਹਨ ਯੌਨ ਸ਼ੋਸ਼ਣ, ਮਿਲੀਆਂ 600 ਵੀਡੀਓਜ਼

ਪੇਸ਼ਾਵਰ : ਪਾਕਿਸਤਾਨ ਅਜੇ ਆਪਣੇ ਸਿਆਸੀ ਸੰਕਟ ਤੋਂ ਪੂਰੀ ਤਰ੍ਹਾਂ ਉਭਰਿਆ ਵੀ ਨਹੀਂ ਸੀ ਕਿ ਪਾਕਿਸਤਾਨੀ ਫ਼ੌਜ ਦੀਆਂ ਕਾਲੀਆਂ ਕਰਤੂਤਾਂ ਸਾਹਮਣੇ ਆਈਆਂ, ਜਿਸ ਨਾਲ ਦੇਸ਼ 'ਚ ਖਲਬਲੀ ਮਚ ਗਈ। ਪਾਕਿਸਤਾਨੀ ਫੌਜ ਦਾ ਸਭ ਤੋਂ ਵੱਡਾ ਸੈਕਸ ਸਕੈਂਡਲ ਖੈਬਰ ਪਖਤੂਨਖਵਾ ਦੇ ਕਬਾਇਲੀ ਇਲਾਕਿਆਂ 'ਚ ਤਾਇਨਾਤ ਕਰਨਲ ਤੋਂ ਲੈ ਕੇ ਮੇਜਰ ਰੈਂਕ ਤੱਕ ਦੇ ਕੁਝ ਅਫਸਰਾਂ ਵਲੋਂ ਬੱਚਿਆਂ ਦੇ ਜਿਨਸੀ ਸ਼ੋਸ਼ਣ ਦੀਆਂ 600 ਤੋਂ ਵੱਧ ਵੀਡੀਓਜ਼ ਸਾਹਮਣੇ ਆਈਆਂ ਹਨ। ਪੀੜਤ ਬੱਚਿਆਂ ਦੀ ਉਮਰ 14 ਸਾਲ ਤੋਂ ਘੱਟ ਦੱਸੀ ਜਾ ਰਹੀ ਹੈ। ਪੰਜ ਸਾਲਾਂ ਤੋਂ 100 ਤੋਂ ਵੱਧ ਬੱਚਿਆਂ ਦਾ ਜਿਨਸੀ ਸ਼ੋਸ਼ਣ ਕੀਤਾ ਜਾ ਰਿਹਾ ਸੀ। ਕੁਝ ਅਧਿਕਾਰੀਆਂ ਨੂੰ ਪਾਰਾਚਿਨਾਰ ਕੈਂਟ ਤੋਂ ਪੇਸ਼ਾਵਰ ਕਮਾਂਡ ਹੈੱਡਕੁਆਰਟਰ ਬੁਲਾਇਆ ਗਿਆ ਹੈ। ਕਮਾਂਡਰ ਲੈਫਟੀਨੈਂਟ ਜਨਰਲ ਹਸਨ ਅਜ਼ਹਰ ਹਯਾਤ ਨੇ ਕੋਰਟ ਆਫ ਇਨਕੁਆਰੀ ਦਾ ਹੁਕਮ ਦਿੰਦੇ ਹੋਏ ਕਿਸੇ ਵੀ ਅਧਿਕਾਰੀ ਦੇ ਜਿਨਸੀ ਸ਼ੋਸ਼ਣ 'ਚ ਸ਼ਾਮਲ ਹੋਣ ਤੋਂ ਇਨਕਾਰ ਕੀਤਾ ਹੈ। ਇਸ ਦੌਰਾਨ ਫੌਜ ਦਾ ਦਾਅਵਾ ਹੈ ਕਿ ਤਿੰਨ ਸਾਲ ਪਹਿਲਾਂ ਵੀ ਅਫ਼ਸਰਾਂ 'ਤੇ 13 ਸਾਲ ਦੇ ਲੜਕੇ ਦੇ ਯੌਨ ਸ਼ੋਸ਼ਣ ਦੇ ਦੋਸ਼ ਲੱਗੇ ਸਨ ਜਿਹੜੇ ਕਿ ਝੂਠੇ ਪਾਏ ਗਏ। ਹਾਲਾਂਕਿ ਐਫਆਈਆਰ ਤੋਂ ਬਾਅਦ ਪੁਲਸ ਨੇ ਜਿਨਸੀ ਸ਼ੋਸ਼ਣ ਮਾਮਲੇ ਵਿੱਚ ਇੱਕ ਸਥਾਨਕ ਦੁਕਾਨਦਾਰ ਨੂੰ ਗ੍ਰਿਫਤਾਰ ਕੀਤਾ ਹੈ। ਕੋਰਟ ਆਫ ਇਨਕੁਆਰੀ ਦਾ ਹੁਕਮ ਦਿੰਦੇ ਹੋਏ ਪਾਕਿਸਤਾਨੀ ਫੌਜ ਦੇ ਇਕ ਅਧਿਕਾਰੀ ਨੇ ਕਿਸੇ ਵੀ ਅਧਿਕਾਰੀ ਦੇ ਜਿਨਸੀ ਸ਼ੋਸ਼ਣ ਵਿਚ ਸ਼ਾਮਲ ਹੋਣ ਤੋਂ ਇਨਕਾਰ ਕੀਤਾ ਹੈ। ਪੁਲਸ ਅਨੁਸਾਰ ਇਲਾਕੇ ਦਾ ਇੱਕ ਦੁਕਾਨਦਾਰ ਤਾਹਿਰ ਕਬਾੜੀ ਜੋ ਕਿ ਫੌਜ ਦੇ ਨੇੜੇ ਸੀ, ਗਰੀਬ ਬੱਚਿਆਂ ਨੂੰ ਸਪਲਾਈ ਕਰਦਾ ਸੀ। ਉਹ ਬੱਚਿਆਂ ਨੂੰ ਵਰਗਲਾ ਕੇ ਅਫਸਰਾਂ ਤੱਕ ਪਹੁੰਚਾਉਂਦਾ ਸੀ ਅਤੇ ਬੱਚਿਆਂ ਦੇ ਜਿਨਸੀ ਸ਼ੋਸ਼ਣ ਦੀਆਂ ਵੀਡੀਓ ਵੀ ਬਣਾਉਂਦਾ ਸੀ। video ਦੇ ਜ਼ਰੀਏ ਉਹ ਬੱਚਿਆਂ ਦੇ ਮਾਪਿਆਂ ਤੋਂ ਵੀ ਪੈਸੇ ਵਸੂਲਦਾ ਸੀ। ਉਹ ਬੱਚਿਆਂ ਦੀ ਵੀਡੀਓ ਬਣਾ ਕੇ ਬਲੈਕਮੇਲ ਕਰਦਾ ਸੀ ਅਤੇ ਵਾਰ-ਵਾਰ ਅਫਸਰਾਂ ਕੋਲ ਭੇਜਦਾ ਸੀ। ਪੁਲਸ ਨੇ ਖ਼ੁਰਮ ਦੇ ਲੈਪਟਾਪ ਤੋਂ ਇਹ ਵੀਡੀਓ ਬਰਾਮਦ ਕੀਤੇ ਹਨ, ਸਥਾਨਕ ਲੋਕਾਂ ਦਾ ਦੋਸ਼ ਹੈ ਕਿ ਕੁਝ ਫ਼ੌਜੀ ਅਫ਼ਸਰਾਂ 'ਤੇ ਪਹਿਲਾਂ ਵੀ ਬੱਚਿਆਂ ਦੇ ਜਿਨਸੀ ਸ਼ੋਸ਼ਣ ਦੇ ਦੋਸ਼ ਲੱਗੇ ਸਨ, ਪਰ ਪਾਕਿ ਫ਼ੌਜ ਦੇ ਮੇਜਰ ਅਤੇ ਕੈਪਟਨ ਰੈਂਕ ਦੇ ਅਫ਼ਸਰਾਂ ਨੇ ਪੁਲਸ ਮੁਲਾਜ਼ਮਾਂ 'ਤੇ ਦਬਾਅ ਪਾ ਕੇ ਮੁਲਜ਼ਮਾਂ ਨੂੰ ਛੱਡ ਦਿੱਤਾ ਸੀ।

# ਟੀ.ਐਲ.ਐਫ ਸਕੂਲੀ ਵਿਦਿਆਰਥੀਆਂ ਨੇ ਡਾਕਖਾਨੇ ਦਾ ਵਿੱਦਿਅਕ ਦੌਰਾ ਕੀਤਾ



ਮੋਗਾ, --ਸ਼ਹਿਰ ਦੀ ਪ੍ਰਮੁੱਖ ਵਿੱਦਿਅਕ ਸੰਸਥਾ ਟੀ.ਐਲ.ਐਫ. ਦੇ ਵਿਦਿਆਰਥੀਆਂ ਨੇ ਸਕੂਲ ਦੇ ਚੇਅਰਮੈਨ ਇੰਜੀ ਜਨੇਸ਼ ਗਰਗ ਅਤੇ ਡਾਇਰੈਕਟਰ ਡਾ: ਮੁਸਕਾਨ ਗਰਗ ਦੇ ਦਿਸ਼ਾ-ਨਿਰਦੇਸ਼ਾਂ ‘ਤੇ ਸਥਾਨਕ ਚੈਂਬਰ ਰੋਡ ‘ਤੇ ਸਥਿਤ ਮੁੱਖ ਡਾਕਘਰ ਦਾ ਵਿੱਦਿਅਕ ਦੌਰਾ ਕੀਤਾ। ਸਕੂਲ ਦੀ ਪ੍ਰਿੰਸੀਪਲ ਸੋਨੀਆ ਵਰਮਾ ਨੇ ਕਿਹਾ ਕਿ ਇਸ ਪ੍ਰੈਕਟੀਕਲ ਅਨੁਭਵ ਨੇ ਵਿਦਿਆਰਥੀਆਂ ਨੂੰ ਡਾਕ ਪ੍ਰਣਾਲੀ ਦੇ ਕੰਮਕਾਜ ਅਤੇ ਸਾਡੇ ਰੋਜ਼ਾਨਾ ਜੀਵਨ ਵਿੱਚ ਇਸਦੀ ਮਹੱਤਤਾ ਬਾਰੇ ਵੱਡਮੁੱਲੀ ਸਮਝ ਪ੍ਰਦਾਨ ਕੀਤੀ। ਜਿਵੇਂ ਹੀ ਵਿਦਿਆਰਥੀ ਡਾਕਘਰ ਪਹੁੰਚੇ ਤਾਂ ਉਨ੍ਹਾਂ ਦਾ ਸੁਆਗਤ ਡਾਕ ਸੇਵਕਾਂ ਵੱਲੋਂ ਕੀਤਾ ਗਿਆ। ਟੂਰ ਦੀ ਸ਼ੁਰੂਆਤ ਸੁਵਿਧਾ ਦੇ ਇੱਕ ਜਾਣਕਾਰੀ ਭਰਪੂਰ ਦੌਰੇ ਨਾਲ ਹੋਈ। ਜਿੱਥੇ ਵਿਦਿਆਰਥੀਆਂ ਨੇ ਵੱਖ-ਵੱਖ ਸੈਕਸ਼ਨਾਂ ਜਿਵੇਂ ਕਿ ਮੇਲ ਸੋਰਟਿੰਗ ਏਰੀਆ, ਕਾਊਂਟਰ ਸਰਵਿਸ ਅਤੇ ਡਿਲੀਵਰੀ ਜ਼ੋਨ ਬਾਰੇ ਸਿੱਖਿਆ। ਦੌਰੇ ਦੌਰਾਨ ਵਿਦਿਆਰਥੀਆਂ ਨੂੰ ਇਹ ਦੇਖਣ ਦਾ ਮੌਕਾ ਮਿਲਿਆ ਕਿ ਕਿਵੇਂ ਚਿੱਠੀਆਂ ਅਤੇ ਪਾਰਸਲਾਂ ਨੂੰ ਛਾਂਟਿਆ ਜਾਂਦਾ ਹੈ, ਮੋਹਰ ਲਗਾਈ ਜਾਂਦੀ ਹੈ ਅਤੇ ਡਿਲੀਵਰੀ ਲਈ ਪ੍ਰਕਿਰਿਆ ਕੀਤੀ ਜਾਂਦੀ ਹੈ। ਡਾਕ ਸੰਚਾਲਨ ਦੇ ਤਕਨੀਕੀ ਪਹਿਲੂਆਂ ਬਾਰੇ ਸਿੱਖਣ ਦੇ ਨਾਲ-ਨਾਲ, ਵਿਦਿਆਰਥੀਆਂ ਨੇ ਲੋਕਾਂ ਅਤੇ ਭਾਈਚਾਰਿਆਂ ਨੂੰ ਜੋੜਨ ਲਈ ਮੇਲ ਸੇਵਾਵਾਂ ਦੀ ਮਹੱਤਤਾ ਬਾਰੇ ਵੀ ਸਮਝ ਪ੍ਰਾਪਤ ਕੀਤੀ। ਉਨ੍ਹਾਂ ਨੇ ਸੰਚਾਰ, ਵਣਜ ਅਤੇ ਇੱਥੋਂ ਤੱਕ ਕਿ ਐਮਰਜੈਂਸੀ ਸੇਵਾਵਾਂ ਦੀ ਸਹੂਲਤ ਵਿੱਚ ਡਾਕਘਰਾਂ ਦੀ ਭੂਮਿਕਾ ਬਾਰੇ ਸਿੱਖਿਆ। ਅਨੁਭਵ ਨੂੰ ਹੋਰ ਵੀ ਯਾਦਗਾਰ ਬਣਾਉਣ ਲਈ, ਵਿਦਿਆਰਥੀਆਂ ਨੂੰ ਡਾਕ ਕਰਮਚਾਰੀਆਂ ਨਾਲ ਗੱਲਬਾਤ ਕਰਨ ਅਤੇ ਉਹਨਾਂ ਦੀਆਂ ਭੂਮਿਕਾਵਾਂ ਅਤੇ ਜ਼ਿੰਮੇਵਾਰੀਆਂ ਬਾਰੇ ਸਵਾਲ ਪੁੱਛਣ ਦਾ ਮੌਕਾ ਮਿਲਿਆ। ਉਹ ਮੇਲ ਭੇਜਣ ਤੋਂ ਲੈ ਕੇ ਪੈਕੇਜਾਂ ਨੂੰ ਵੱਖ-ਵੱਖ ਮੰਜ਼ਿਲਾਂ ਤੱਕ ਪਹੁੰਚਾਉਣ ਤੱਕ, ਸ਼ਾਮਲ ਵੱਖ-ਵੱਖ ਕੰਮਾਂ ਬਾਰੇ ਜਾਣ ਕੇ ਬਹੁਤ ਖੁਸ਼ ਸਨ। ਡਾਕ ਪ੍ਰਣਾਲੀ ਦੇ ਨਵੇਂ ਗਿਆਨ ਅਤੇ ਪ੍ਰਸ਼ੰਸਾ ਨਾਲ ਲੈਸ, ਗ੍ਰੇਡ 3 ਦੇ ਵਿਦਿਆਰਥੀ ਇਸ ਗੱਲ ਦੀ ਡੂੰਘੀ ਸਮਝ ਨਾਲ ਸਕੂਲ ਵਾਪਸ ਆਏ ਕਿ ਡਾਕ ਸੇਵਾਵਾਂ ਸਮਾਜ ਦੇ ਕੰਮਕਾਜ ਵਿੱਚ ਕਿਵੇਂ ਯੋਗਦਾਨ ਪਾਉਂਦੀਆਂ ਹਨ। ਇਸ ਮੌਕੇ ਸਕੂਲ ਦੇ ਚੇਅਰਮੈਨ ਇੰਜੀ. ਜਨੇਸ਼ ਗਰਗ ਅਤੇ ਡਾਇਰੈਕਟਰ ਡਾ ਮੁਸਕਾਨ ਗਰਗ ਨੇ ਮੁੱਖ ਡਾਕਘਰ ਦੇ ਦੌਰੇ ਦੌਰਾਨ ਜਾਣਕਾਰੀ ਹਾਸਲ ਕਰਨ ਵਾਲੇ ਵਿਦਿਆਰਥੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਕੂਲ ਵੱਲੋਂ ਅਜਿਹੇ ਵਿੱਦਿਅਕ ਟੂਰ ਜਾਰੀ ਰੱਖੇ ਜਾਣਗੇ। ਅਜਿਹੇ ਵਿਦਿਅਕ ਟੂਰ ਕਰਵਾਉਣ ਦਾ ਮੁੱਖ ਮੰਤਵ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕਰਨਾ ਹੈ। ਇਸ ਮੌਕੇ ਸਕੂਲ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

# ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਜੈਤੋ ਦਾ ਅੱਠਵੀਂ ਅਤੇ ਬਾਰਵੀਂ ਜਮਾਤ ਦਾ ਨਤੀਜਾ 100% ਰਿਹਾ



ਜੈਤੋ, – ਫਰੀਡਮ ਫਾਈਟਰ ਮਾਸਟਰ ਕਰਤਾ ਰਾਮ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਜੈਤੋ ਦਾ ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ ਬੀਤੇ ਦਿਨੀ ਐਲਾਨਿਆ ਅੱਠਵੀਂ ਜਮਾਤ ਅਤੇ ਬਾਰਵੀਂ ਜਮਾਤ ਦਾ ਨਤੀਜਾ 100% ਰਿਹਾ। ਇਸ ਮੌਕੇ ਸਕੂਲ ਵਿੱਚੋਂ ਪਹਿਲੀਆਂ ਤਿੰਨ ਪੁਜੀਸ਼ਨ ਲੈਣ ਵਾਲੀਆਂ ਹੋਣਹਾਰ ਵਿਦਿਆਰਥਣਾਂ ਨੂੰ ਪ੍ਰਿੰਸੀਪਲ ਸਰਦਾਰ ਸਿਕੰਦਰ ਸਿੰਘ ਜੀ ਨੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ। ਜਮਾਤ ਅੱਠਵੀਂ ਵਿੱਚੋਂ ਵਿਦਿਆਰਥਣ ਭਾਰਤੀ ਪੁੱਤਰੀ ਰਮੇਸ਼ ਕੁਮਾਰ ਨੇ 600 ਵਿਚੋਂ 566

ਅੰਕ ਲੈ ਕੇ ਪਹਿਲਾ ਸਥਾਨ, ਵਿਦਿਆਰਥਣ ਖੁਸ਼ਪ੍ਰੀਤ ਕੌਰ ਪੁੱਤਰੀ ਮਨਪ੍ਰੀਤ ਸਿੰਘ ਨੇ 600 ਵਿਚੋਂ 563 ਅੰਕ ਲੈ ਕੇ ਦੂਸਰਾ ਸਥਾਨ ਅਤੇ ਵਿਦਿਆਰਥਣ ਪੂਜਾ ਪੁੱਤਰੀ ਓਮ ਪ੍ਰਕਾਸ਼ ਨੇ 600 ਵਿਚੋਂ 558 ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਸੰਸਥਾ ਵਿੱਚ ਚੱਲ ਰਹੀਆਂ ਬਾਰਵੀਂ ਜਮਾਤ ਦੀਆਂ ਵੱਖ-ਵੱਖ ਸਟਰੀਮਾ ਦੇ ਤਹਿਤ ਸਾਇੰਸ ਗਰੁੱਪ ਦੇ ਵਿੱਚ ਵਿਦਿਤਾ ਪੁੱਤਰੀ ਭਗਵੰਤ ਰਾਏ ਨੇ 500 ਵਿੱਚੋਂ 467 ਅੰਕ ਲੈ ਕੇ ਪਹਿਲਾ ਸਥਾਨ, ਰਾਣੀ ਪੁੱਤਰੀ ਆਤਮਾ ਸਿੰਘ ਨੇ 500 ਵਿੱਚੋਂ 463 ਅੰਕ ਲੈ ਕੇ ਦੂਸਰਾ ਸਥਾਨ, ਲਵਦੀਪ ਪੁੱਤਰੀ ਰਾਜ ਕੁਮਾਰ ਨੇ 500 ਵਿੱਚੋਂ 462 ਅੰਕ ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਕਮਰਸ ਗਰੁੱਪ ਵਿੱਚ ਅਨਮੋਲਦੀਪ ਕੌਰ ਪੁੱਤਰੀ ਭੁਪਿੰਦਰ ਸਿੰਘ ਨੇ 500 ਵਿੱਚੋਂ 483 ਅੰਕ ਲੈ ਕੇ ਪਹਿਲਾ ਸਥਾਨ, ਜਸ਼ਨਪ੍ਰੀਤ ਕੌਰ ਪੁੱਤਰੀ ਰੇਸ਼ਮ ਸਿੰਘ ਨੇ 500 ਵਿੱਚੋਂ 480 ਅੰਕ ਲੈ ਕੇ ਦੂਸਰਾ ਸਥਾਨ, ਖੁਸ਼ਪ੍ਰੀਤ ਕੌਰ ਪੁੱਤਰੀ ਜਗਜੀਤ ਸਿੰਘ ਨੇ 500 ਵਿੱਚੋਂ 467 ਅੰਕ ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ।ਆਰਟਸ ਗਰੁੱਪ ਵਿੱਚ ਜੈਸਮੀਨ ਪੁੱਤਰੀ ਜਸਵਿੰਦਰ ਸਿੰਘ ਨੇ 500 ਵਿੱਚੋਂ 468 ਅੰਕ ਲੈ ਕੇ ਪਹਿਲਾ ਸਥਾਨ, ਬਵਨਪ੍ਰੀਤ ਕੌਰ ਪੁੱਤਰੀ ਭੂਪਿੰਦਰ ਸਿੰਘ ਨੇ 500 ਵਿੱਚੋਂ 465 ਅੰਕ ਲੈ ਕੇ ਦੂਸਰਾ ਸਥਾਨ ,ਦੀਪਿਕਾ ਪੁੱਤਰੀ ਨਿਰਮਲ ਕੌਰ ਨੇ 500 ਵਿੱਚੋਂ 464 ਅੰਕ ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਪ੍ਰਿੰਸੀਪਲ ਸਿਕੰਦਰ ਸਿੰਘ ਨੇ ਇਸ ਸਫਲਤਾ ਤੇ ਹੋਣਹਾਰ ਵਿਦਿਆਰਥਣਾਂ ,ਅਧਿਆਪਕਾਂ ਅਤੇ ਵਿਦਿਆਰਥਣਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਵਿਦਿਆਰਥਣਾਂ ਦੇ ਆਉਣ ਵਾਲੇ ਸੁਨਹਿਰੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਹਨਾਂ ਨੇ ਬਾਕੀ ਵਿਦਿਆਰਥਣਾਂ ਨੂੰ ਵਧੇਰੇ ਅੰਕ ਲੈਣ ਲਈ ਪ੍ਰੇਰਿਤ ਕੀਤਾ ਅਤੇ ਉਨਾਂ ਨੇ ਕਿਹਾ ਸਕੂਲ ਦਾ ਸ਼ਾਨਦਾਰ ਨਤੀਜਾ ਸਮੁੱਚੀ ਟੀਮ ਵਰਕ ਦੀ ਮਿਹਨਤ ਦਾ ਪਰਿਣਾਮ ਹੈ।




ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖ਼ਬਰਾਂ, ਰਿਪੋਰਟਾਂ , ਲੇਖ , ਕਹਾਣੀਆਂ , ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ ਸੂਚਨਾ , ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ। ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖਬਾਰ ਇਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ ਕਿ ਉਹ ਇੰਨਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀ ਕਰ ਲੈਣ। ਰੋਜ਼ਾਨਾ ਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ , ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। ਖਬਰਾਂ ਪ੍ਰਤੀ ਜਿੰਮੇਵਾਰੀ ਸਬੰਧਤ ਪੱਤਰਕਾਰ ਦੀ ਹੋਵੇਗੀ।

Daily Lok Bani (Punjabi) R.N.I. Punpun 29016 , 2008 Editor,Onwer , Printer, Publisher , Amandeep Mehra ,Printed at Rachna Printers , Railway Road Jalandhar Place of Publication : 308 Sangam Complex Milap Chowk , Jalandhar (India) , Contact No. : 0181-2211009 , Fax : 2211009 , Email Id : lokbani08@gmail.com